ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

**International Daily Newspaper & WEB TV**

awazeqaumtvpunjab@gmail.com

ਬੁੱਧਵਾਰ, 7 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੪ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਹਿਮਾਚਲ ਨੇ ਵਧਾਈ ਪੰਜਾਬ ਦੀ ਚਿੰਤਾ !

**ਚੰਡੀਗੜ੍ਹ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਹਿਲਾਂ ਹੀ ਕਰਜ਼ੇ ਦੀ ਮਾਰ ਝੱਲ ਰਹੇ ਪੰਜਾਬ ’ਤੇ ਹਿਮਾਚਲ ਪ੍ਰਦੇਸ਼ ਨੇ ਇੱਕ ਹੋਰ ਨਵਾਂ ਬੋਝ ਪਾ ਦਿੱਤਾ ਹੈ। ਹਿਮਾਚਲ ਪ੍ਰਦੇਸ਼ ਸਰਕਾਰ ਨੇ ਹਾਈਡ੍ਰੋ ਪ੍ਰਾਜੈਕਟਾਂ ’ਤੇ 2 ਫ਼ੀਸਦੀ ਸੈਸ ਲਾ ਦਿੱਤਾ ਹੈ। ਹਿਮਾਚਲ ਦੇ ਇਸ ਫੈਸਲੇ ਨਾਲ ਪੰਜਾਬ ’ਤੇ ਲਗਭਗ 200 ਕਰੋੜ ਰੁਪਏ ਦਾ ਨਵਾਂ ਬੋਝ ਪਵੇਗਾ। ਭਾਖੜਾ ਬਿਆਸ ਪ੍ਰਬੰਧਨ ਬੋਰਡ ਅਧੀਨ ਤਿੰਨ ਵੱਡੇ ਪ੍ਰੋਜੈਕਟਾਂ ’ਤੇ ਕੁੱਲ ?433.13 ਕਰੋੜ ਦਾ ਸਾਲਾਨਾ ਬੋਝ ਪਵੇਗਾ, ਜਿਸ ਨੂੰ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੀਆਂ ਸਰਕਾਰਾਂ ਸਹਿਣ ਕਰਨਗੀਆਂ।BBMB ਨੇ ਹਿਮਾਚਲ ਸਰਕਾਰ ਦੇ ਇਸ ਫੈਸਲੇ ’ਤੇ ਰਸਮੀ ਤੌਰ ’ਤੇ ਇਤਰਾਜ਼ ਜਤਾਇਆ ਹੈ। ਇਸ ਤੋਂ ਪਹਿਲਾਂ, 24 ਦਸੰਬਰ, 2025 ਨੂੰ, ਪੰਜਾਬ ਸਰਕਾਰ ਨੇ ਵੀ BBMB ਨੂੰ ਆਪਣੇ ਲਿਖਤੀ ਇਤਰਾਜ਼ ਪੇਸ਼ ਕੀਤੇ ਸਨ। 3 ਜਨਵਰੀ ਨੂੰ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਵਿੱਚ, ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਪਣ-ਬਿਜਲੀ ਪ੍ਰੋਜੈਕਟਾਂ ’ਤੇ ਭੂਮੀ ਮਾਲੀਆ ਸੈੱਸ ਦੀ ਲੋੜ ਹੋਵੇਗੀ। ਹਿਮਾਚਲ ਸਰਕਾਰ ਦਾ ਕਹਿਣਾ ਹੈ ਕਿ ਇਹ ਸੈੱਸ ਗੈਰ-ਖੇਤੀਬਾੜੀ ਭੂਮੀ ਵਰਤੋਂ ਅਧੀਨ ਲਗਾਇਆ ਜਾਂਦਾ ਹੈ।ਹਿਮਾਚਲ ਸਰਕਾਰ ਨੇ ਪਹਿਲਾਂ 16 ਮਾਰਚ, 2023 ਨੂੰ ਪਣ-ਬਿਜਲੀ ਪ੍ਰੋਜੈਕਟਾਂ ’ਤੇ ਜਲ ਸੈੱਸ ਲਗਾਇਆ ਸੀ। ਉਸ ਸਮੇਂ, ਇਕੱਲੇ ਪੰਜਾਬ ਨੂੰ ਲਗਭਗ 400 ਕਰੋੜ ਦਾ ਸਾਲਾਨਾ ਬੋਝ ਪੈਣ ਦੀ ਉਮੀਦ ਸੀ।

## ਸ਼੍ਰੋਮਣੀ ਕਮੇਟੀ ਦਾ ਵੱਡਾ ਐਲਾਨ !

# 328 ਪਾਵਨ ਸਰੂਪਾਂ ਦੇ ਮਾਮਲੇ ’ਚ ਨਹੀਂ ਕੀਤਾ ਜਾਵੇਗਾ ਪੁਲਸ ਦਾ ਸਹਿਯੋਗ



**ਅੰਮ੍ਰਿਤਸਰ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਪੱਸ਼ਟ ਕੀਤਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ’ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪੁਲਸ ਪ੍ਰਸ਼ਾਸਨ ਨੂੰ ਕਿਸੇ ਤਰ੍ਹਾਂ ਦਾ ਸਹਿਯੋਗ ਨਹੀਂ ਕੀਤਾ ਜਾਵੇਗਾ ਅਤੇ ਨਾ ਹੀ ਕੋਈ ਰਿਕਾਰਡ ਮੁਹੱਈਆ ਕਰਵਾਇਆ ਜਾਵੇਗਾ। ਅੱਜ ਇੱਥੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਦੀ ਅਗਵਾਈ ਵਿਚ ਹੋਈ ਅਧਿਕਾਰੀਆਂ ਦੀ ਮੀਟਿੰਗ ਮਗਰੋਂ ਜਾਰੀ ਬਿਆਨ ਵਿਚ ਸਮੁੱਚੇ ਮਾਮਲੇ ’ਤੇ ਸਿੱਖ ਸੰਸਥਾ ਦਾ ਪੱਖ ਸਪੱਸ਼ਟ ਕਰਦਿਆਂ ਕਿਹਾ ਗਿਆ ਕਿ ਜਿਹੜੇ ਇਸ ਮਾਮਲੇ ਵਿਚ ਦੋਸ਼ੀ ਮੁਲਾਜ਼ਮ ਸਨ, ਉਨ੍ਹਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਾਂਚ ਰਿਪੋਰਟ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੈ। ਇਸ ਮਾਮਲੇ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਆਦੇਸ਼ ਸਿੱਖ ਸੰਸਥਾ ਲਈ ਅੰਤਮ ਹੈ, ਜਿਸ ਅਨੁਸਾਰ ਸਰਕਾਰ ਨੂੰ ਕੋਈ ਸਹਿਯੋਗ ਨਹੀਂ ਦਿੱਤਾ ਜਾ ਸਕਦਾ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਭੇਟਾ ਨਿੱਜੀ ਹਿੱਤਾਂ ਲਈ ਵਰਤਣ ਅਤੇ ਰਿਕਾਰਡ ਵਿਚ ਹੇਰ-ਫੇਰ ਕਰਨ ਵਾਲੇ ਸਿੱਧੇ ਤੌਰ ’ਤੇ ਤਿੰਨ ਮੁਲਾਜ਼ਮ ਕੰਵਲਜੀਤ ਸਿੰਘ, ਬਾਜ ਸਿੰਘ ਤੇ ਦਲਬੀਰ ਸਿੰਘ ਸਨ। ਇਨ੍ਹਾਂ ਨੇ ਆਪਣੀ ਲਾਲਸਾ ਖ਼ਾਤਿਰ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਪ੍ਰਬੰਧ ਨੂੰ ਹੀ ਬਦਨਾਮ ਕੀਤਾ। ਸ਼੍ਰੋਮਣੀ ਕਮੇਟੀ ਦੇ ਵਿਧਾਨ ਅਨੁਸਾਰ ਜਦੋਂ ਸ਼ਰਧਾਲੂ ਜਾਂ ਗੁਰਦੁਆਰਾ ਕਮੇਟੀਆਂ ਪਾਵਨ ਸਰੂਪਾਂ ਦੀ ਮੰਗ ਕਰਦੇ ਹਨ ਤਾਂ ਨਿਯਮਾਂ ਅਨੁਸਾਰ ਪ੍ਰਚਾਰਕ ਦੀ ਪੜਤਾਲ ਰਿਪੋਰਟ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸਿਫਾਰਸ਼ ਬਾਅਦ ਸਕੱਤਰ ਪੱਧਰ ਦੇ ਅਧਿਕਾਰੀ ਵੱਲੋਂ ਪ੍ਰਵਾਨਗੀ ਦਿੱਤੀ ਜਾਂਦੀ ਹੈ। ਇਸ ਬਾਅਦ ਪਾਵਨ ਸਰੂਪ ਦੇਣ ਸਮੇਂ ਭੇਟਾ ਜਮ੍ਹਾਂ ਕਰਕੇ ਰਸੀਦ ਕੱਟੀ ਜਾਂਦੀ ਹੈ ਅਤੇ ਉਸ ਨੂੰ ਰਿਕਾਰਡ ਵਿਚ ਦਰਜ ਕੀਤਾ ਜਾਂਦਾ ਹੈ। ਇਸ ਪ੍ਰਕਿਰਿਆ ਨੂੰ ਨਜ਼ਰਅੰਦਾਜ਼ ਕਰਕੇ ਇਹ ਜ਼ੁੰਮੇਵਾਰੀ ਪਬਲੀਕੇਸ਼ਨ ਵਿਭਾਗ ਵਿਖੇ ਤਾਇਨਾਤ ਤਤਕਾਲੀ ਮੁਲਾਜ਼ਮਾਂ ਨੇ ਨਹੀਂ ਨਿਭਾਈ।

ਵਿਸਥਾਰ ਸਹਿਤ ਖ਼ਬਰ ਅੰਦਰਲੇ ਪੰਨੇ ’ਤੇ

## ਸਰਬਜੀਤ ਦੀ ਭਾਰਤ ਵਾਪਸੀ ਨੂੰ ਲੈ ਕੇ ਵੱਡੀ ਕਾਰਵਾਈ, ਪਾਕਿਸਤਾਨ ਨੇ ਟਾਲੀ ‘ਭਾਰਤ ਵਾਪਸੀ’

**ਇਸਲਾਮਾਬਾਦ/ਨਵੀਂ ਦਿੱਲੀ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਸਰਕਾਰ ਨੇ ਭਾਰਤੀ ਸਿੱਖ ਸ਼ਰਧਾਲੂ ਸਰਬਜੀਤ ਕੌਰ ਦੀ ਭਾਰਤ ਵਾਪਸੀ ਨੂੰ ਇੱਕ ਵਾਰ ਫਿਰ ਟਾਲ ਦਿੱਤਾ ਹੈ।



ਪਾਕਿਸਤਾਨ ਦੇ ਗ੍ਰਹਿ ਮੰਤਰਾਲੇ ਨੇ ਅਦਾਲਤ ਵਿੱਚ ਚੱਲ ਰਹੇ ਕੇਸ ਦਾ ਹਵਾਲਾ ਦਿੰਦਿਆਂ ਅਟਾਰੀ-ਵਾਹਗਾ ਸਰਹੱਦ ਰਾਹੀਂ ਹੋਣ ਵਾਲੀ ਉਸ ਦੀ ਦੇਸ਼ ਨਿਕਾਲੇ ਦੀ ਪ੍ਰਕਿਰਿਆ ’ਤੇ ਰੋਕ ਲਗਾ ਦਿੱਤੀ ਹੈ। ਜਾਣਕਾਰੀ ਅਨੁਸਾਰ ਪਾਕਿਸਤਾਨ ਦੇ ਇਮੀਗ੍ਰੇਸ਼ਨ ਵਿਭਾਗ ਨੇ ਸਰਬਜੀਤ ਕੌਰ ’ਤੇ ਵੀਜ਼ਾ ਦੀ ਮਿਆਦ ਖ਼ਤਮ ਹੋਣ ਦੇ ਮਾਮਲੇ ਵਿੱਚ ਜੁਰਮਾਨਾ ਵੀ ਲਗਾਇਆ ਹੈ। ਰਿਪੋਰਟਾਂ ਅਨੁਸਾਰ ਉਸ ਤੋਂ 40 ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਲਗਭਗ 2,000 ਰੁਪਏ ਜੁਰਮਾਨਾ ਵਸੂਲਿਆ ਗਿਆ ਹੈ। ਭਾਵੇਂ ਬੀ.ਐਸ.ਐਫ. ਅਤੇ ਆਈ.ਸੀ.ਪੀ. ਸਟਾਫ ਉਸ ਨੂੰ ਸਰਹੱਦ ’ਤੇ ਪ੍ਰਾਪਤ ਕਰਨ ਲਈ ਤਿਆਰ ਸੀ, ਪਰ ਐਨ ਮੌਕੇ ’ਤੇ ਪਾਕਿਸਤਾਨੀ ਅਧਿਕਾਰੀਆਂ ਨੇ ਉਸ ਨੂੰ ਭੇਜਣ ਤੋਂ ਨਾਂਹ ਕਰ ਦਿੱਤੀ।

**ਕੀ ਹੈ ਪੂਰਾ ਮਾਮਲਾ ?**

ਸਰਬਜੀਤ ਕੌਰ 4 ਨਵੰਬਰ 2025 ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਿੱਖ ਸ਼ਰਧਾਲੂਆਂ ਦੇ ਜਥੇ ਨਾਲ ਪਾਕਿਸਤਾਨ ਗਈ ਸੀ, ਜਿੱਥੋਂ ਉਹ ਗੁਰਦੁਆਰਾ ਨਨਕਾਣਾ ਸਾਹਿਬ ਦੀ ਯਾਤਰਾ ਦੌਰਾਨ ਲਾਪਤਾ ਹੋ ਗਈ ਸੀ। ਬਾਅਦ ਵਿੱਚ ਖ਼ਬਰਾਂ ਆਈਆਂ ਕਿ ਉਸ ਨੇ ਇਸਲਾਮ ਕਬੂਲ ਕਰ ਲਿਆ ਹੈ ਅਤੇ ਸ਼ੇਖੂਪੁਰਾ ਦੇ ਰਹਿਣ ਵਾਲੇ ਨਾਸਿਰ ਹੁਸੈਨ ਨਾਲ ਨਿਕਾਹ ਕਰ ਲਿਆ ਹੈ। ਸਰਬਜੀਤ ਅਨੁਸਾਰ ਉਸ ਦੀ ਨਾਸਿਰ ਨਾਲ ਗੱਲਬਾਤ ਇੱਕ ਐਪ ਰਾਹੀਂ ਸ਼ੁਰੂ ਹੋਈ ਸੀ ਜਦੋਂ ਉਹ ਸਾਊਦੀ ਅਰਬ ਵਿੱਚ ਕੰਮ ਕਰਦਾ ਸੀ। ਇਸ ’ਤੇ ਪਾਕਿਸਤਾਨੀ ਗ੍ਰਹਿ ਮੰਤਰਾਲੇ ਦਾ ਕਹਿਣਾ ਹੈ ਕਿ ਔਰਤ ਨੇ ਆਪਣੀ ਮਰਜ਼ੀ ਨਾਲ ਨਿਕਾਹ ਅਤੇ ਧਰਮ ਪਰਿਵਰਤਨ ਕੀਤਾ ਹੈ ਅਤੇ ਇਹ ਮਾਮਲਾ ਇਸ ਸਮੇਂ ਅਦਾਲਤ ਵਿੱਚ ਵਿਚਾਰ ਅਧੀਨ ਹੈ।ਮੰਤਰਾਲੇ ਅਨੁਸਾਰ ਜਦੋਂ ਤੱਕ ਅਦਾਲਤ ਆਪਣਾ ਅੰਤਿਮ ਫੈਸਲਾ ਨਹੀਂ ਸੁਣਾਉਂਦੀ ਅਤੇ ਸਾਰੀਆਂ ਕਾਨੂੰਨੀ ਕਾਰਵਾਈਆਂ ਪੂਰੀਆਂ ਨਹੀਂ ਹੁੰਦੀਆਂ, ਉਸ ਨੂੰ ਭਾਰਤ ਨਹੀਂ ਭੇਜਿਆ ਜਾਵੇਗਾ। ਇਸ ਕਾਰਨ ਉਸ ਦੀ ਭਾਰਤ ਵਾਪਸੀ ਹੁਣ ਅਣਮਿੱਥੇ ਸਮੇਂ ਲਈ ਮੁਲਤਵੀ ਹੋ ਗਈ ਹੈ

## ਸਰਪੰਚ ਜਰਮਲ ਸਿੰਘ ਕਤਲ ਮਾਮਲੇ ’ਚ ਵੱਡਾ ਐਨਕਾਊਂਟਰ, ਪੁਲਸ ਨੇ ਮੁਲਜ਼ਮ ਕੀਤਾ ਢੇਰ



**ਤਰਨਤਾਰਨ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਵਿਦੇਸ਼ ਵਿੱਚ ਬੈਠੇ ਗੈਂਗਸਟਰ ਪ੍ਰਭ ਦਸੂਵਾਲ ਦੇ ਨੇੜਲੇ ਸਾਥੀ ਨਾਲ ਪੁਲਸ ਦਾ ਮੁਕਾਬਲਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਕਥੂਨੰਗਲ ਦਾ ਰਹਿਣ ਵਾਲਾ ਹਰਨੂਰ ਉਰਫ਼ ਨੂਰ ਐਨਕਾਊਂਟਰ ਦੌਰਾਨ ਮਾਰਿਆ ਗਿਆ ਹੈ। ਇਹ ਮੁਕਾਬਲਾ ਏਜੀਟੀਐਫ਼ ਦੀ ਪੁਲਸ ਟੀਮ ਅਤੇ ਤਰਨਤਾਰਨ ਪੁਲਸ ਦੀ ਸਾਂਝੀ ਕਾਰਵਾਈ ਦੌਰਾਨ ਹੋਇਆ। ਪੁਲਸ ਮੁਤਾਬਕ ਜਦੋਂ ਟੀਮ ਨੇ ਹਰਨੂਰ ਉਰਫ਼ ਨੂਰ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਉਸ ਨੇ ਪੁਲਸ ‘ਤੇ ਫਾਇਰਿੰਗ ਕਰ ਦਿੱਤੀ। ਪੁਲਸ ਵੱਲੋਂ ਕੀਤੀ ਗਈ ਜਵਾਬੀ ਕਾਰਵਾਈ ਵਿੱਚ ਬਦਮਾਸ਼ ਗੋਲੀ ਲੱਗਣ ਕਾਰਨ ਢੇਰ ਹੋ ਗਿਆ। ਮੌਕੇ ਤੋਂ ਇੱਕ ਪਿਸਤੌਲ ਵੀ ਬਰਾਮਦ ਕੀਤੀ ਗਈ ਹੈ। ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਮਾਰਿਆ ਗਿਆ ਬਦਮਾਸ਼ ਫਿਰੌਤੀ ਗੈਂਗ ਦਾ ਸਰਗਰਮ ਹਿੱਸਾ ਸੀ ਅਤੇ ਟਾਰਗੇਟ ਕਿਲਿੰਗ ਦਾ ਕੰਮ ਕਰਦਾ ਸੀ। ਪੁਲਸ ਨੂੰ ਇਹ ਵੀ ਜਾਣਕਾਰੀ ਮਿਲੀ ਹੈ ਕਿ ਉਸ ਵੱਲੋਂ ਬੀਤੇ ਦਿਨ ਕਤਲ ਕੀਤੇ ਸਰਪੰਚ ਜਰਮਲ ਸਿੰਘ ਅਤੇ ਇੱਕ ਕਾਂਗਰਸੀ ਬਲਾਕ ਪ੍ਰਧਾਨ ਹਰਮਨ ਸੇਖੋਂ ਦੀ ਵੀ ਰੇਕੀ ਕੀਤੀ ਜਾ ਰਹੀ ਸੀ। ਇਸ ਮੁਕਾਬਲੇ ਦੌਰਾਨ ਇਕ ਪੁਲਸ ਕਰਮਚਾਰੀ ਵੀ ਜ਼ਖ਼ਮੀ ਹੋਇਆ ਹੈ, ਜਿਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ। ਪੁਲਸ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਗੈਂਗ ਨਾਲ ਜੁੜੇ ਹੋਰ ਲੋਕਾਂ ਬਾਰੇ ਵੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

## ਅੰਮ੍ਰਿਤਸਰ ’ਚ ਅਕਾਲੀ-ਭਾਜਪਾ ਦੇ ਲੱਗੇ ਪੋਸਟਰ, ਛਿੜ ਗਈ ਚਰਚਾ; ਹੋ ਸਕਦਾ ਗੱਠਜੋੜ !

**ਅੰਮ੍ਰਿਤਸਰ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਸਿਆਸਤ ਹੌਲੀ-ਹੌਲੀ ਭੱਖਣ ਲੱਗ ਪਈ ਹੈ। ਜਦੋਂ ਕਿ ਚੋਣਾਂ ਅਜੇ ਬਹੁਤ ਦੂਰ ਹਨ, ਸਿਆਸੀ ਪਾਰਟੀਆਂ ਦੀਆਂ ਤਿਆਰੀਆਂ ਅਤੇ ਰਣਨੀਤੀਆਂ ਪਹਿਲਾਂ ਹੀ ਦਿਖਾਈ ਦੇ ਰਹੀਆਂ ਹਨ। ਇਸ ਸਬੰਧੀ ਅੰਮ੍ਰਿਤਸਰ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਨਾਲ ਜੁੜੇ ਪੋਸਟਰ



ਲਗਾਉਣ ਨਾਲ ਸਿਆਸੀ ਗਤੀਵਿਧੀਆਂ ਤੇਜ਼ ਹੋ ਗਈਆਂ ਹਨ। ਅੰਮ੍ਰਿਤਸਰ ਦੇ ਵੱਖ-ਵੱਖ ਇਲਾਕਿਆਂ ਵਿੱਚ ਲਗਾਏ ਗਏ ਪੋਸਟਰਾਂ ਵਿੱਚ ਇੱਕ ਨੌਜਵਾਨ ਨੇਤਾ ਮਨਸੀਰਤ ਸਿੰਘ ਦੀ ਤਸਵੀਰ ਪ੍ਰਮੁੱਖਤਾ ਨਾਲ ਦਿਖਾਈ ਦੇ ਰਹੀ ਹੈ। ਪੋਸਟਰਾਂ ਵਿੱਚ ਉਸ ਨੂੰ ਇੱਕ ਉੱਭਰਦੇ ਚਿਹਰੇ ਵਜੋਂ ਪੇਸ਼ ਕੀਤਾ ਗਿਆ ਹੈ। ਪੋਸਟਰਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਨੇਤਾ ਤਰੁਣ ਚੁੱਘ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਾਬਕਾ ਕੇਂਦਰੀ ਮੰਤਰੀ ਬੀਬੀ ਹਰਸਿਮਰਤ ਕੌਰ ਬਾਦਲ ਦੀਆਂ ਤਸਵੀਰਾਂ ਵੀ ਸ਼ਾਮਲ ਹਨ। ਇਨ੍ਹਾਂ ਪੋਸਟਰਾਂ ਦਾ ਸਭ ਤੋਂ ਵੱਧ ਚਰਚਾ ਵਾਲਾ ਵਿਸ਼ਾ ਇਹ ਹੈ ਕਿ ਇਨ੍ਹਾਂ ਨੂੰ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਕਥਿਤ ਗੱਠਜੋੜ ਦੇ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਪੋਸਟਰਾਂ ਦੇ ਡਿਜ਼ਾਈਨ ਅਤੇ ਉਨ੍ਹਾਂ ’ਤੇ ਪ੍ਰਮੁੱਖ ਨੇਤਾਵਾਂ ਦੀਆਂ ਤਸਵੀਰਾਂ ਨੇ ਰਾਜਨੀਤਿਕ ਹਲਕਿਆਂ ਵਿੱਚ ਕਈ ਸਵਾਲ ਖੜ੍ਹੇ ਕੀਤੇ ਹਨ: ਕੀ ਇਹ ਭਵਿੱਖ ਵਿੱਚ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਇੱਕ ਨਵੇਂ ਰਾਜਨੀਤਿਕ ਗੱਠਜੋੜ ਵੱਲ ਇਸ਼ਾਰਾ ਕਰਦਾ ਹੈ, ਜਾਂ ਕੀ ਇਹ ਸਿਰਫ਼ ਇੱਕ ਨੌਜਵਾਨ ਚਿਹਰੇ ਨੂੰ ਉਤਸ਼ਾਹਿਤ ਕਰਨ ਦੀ ਰਣਨੀਤੀ ਹੈ। ਹਾਲਾਂਕਿ ਇਨ੍ਹਾਂ ਪੋਸਟਰਾਂ ਬਾਰੇ ਸ਼੍ਰੋਮਣੀ ਅਕਾਲੀ ਦਲ ਜਾਂ ਭਾਜਪਾ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ, ਪਰ ਇਸਨੂੰ ਅੰਮ੍ਰਿਤਸਰ ਦੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਸੰਕੇਤ ਵਜੋਂ ਦੇਖਿਆ ਜਾ ਰਿਹਾ ਹੈ। ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਅਜਿਹੀਆਂ ਗਤੀਵਿਧੀਆਂ 2027 ਦੀਆਂ ਚੋਣਾਂ ਤੋਂ ਪਹਿਲਾਂ ਭਵਿੱਖ ਦੀ ਰਾਜਨੀਤਿਕ ਦਿਸ਼ਾ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀਆਂ ਹਨ। ਫਿਲਹਾਲ, ਇਹ ਤੈਅ ਹੈ ਕਿ ਇਨ੍ਹਾਂ ਪੋਸਟਰਾਂ ਨੇ ਅੰਮ੍ਰਿਤਸਰ ਦੀ ਰਾਜਨੀਤੀ ਵਿੱਚ ਇੱਕ ਨਵੀਂ ਬਹਿਸ ਛੇੜ ਦਿੱਤੀ ਹੈ, ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਮੁੱਦੇ ’ਤੇ ਰਾਜਨੀਤਿਕ ਬਿਆਨਬਾਜ਼ੀ ਤੇਜ਼ ਹੋ ਸਕਦੀ ਹੈ।




# ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

## ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ


## ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139




## "ਕੁਰਬਾਨੀ ਦੀ ਲਹਿਰ" ਨੌਜਵਾਨ ਕਲਮਾਂ ਵੱਲੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਕਾਵਿ-ਸੰਗ੍ਰਹਿ









**ਲੰਡਨ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਬੀਤੇ ਹਫ਼ਤੇ "ਕੁਰਬਾਨੀ ਦੀ ਲਹਿਰ" ਨਾਮਕ ਕਾਵਿ-ਸੰਗ੍ਰਹਿ ਨੂੰ ਸੰਗਤਾਂ ਦੇ ਰੂਬਰੂ ਰੂਹਨੁਮਾਈ ਨਾਲ ਪੇਸ਼ ਕੀਤਾ ਗਿਆ।91 ਸਫ਼ਿਆਂ ਦੀ ਇਸ ਕਿਤਾਬ ਵਿੱਚ ਅੰਗਰੇਜ਼ੀ ਅਤੇ ਪੰਜਾਬੀ ਦੋਵਾਂ ਭਾਸ਼ਾਵਾਂ ਵਿੱਚ ਲਿਖੀਆਂ ਕਵਿਤਾਵਾਂ ਸ਼ਾਮਲ ਹਨ। ਇਸ ਕਾਵਿ-ਸੰਗ੍ਰਹਿ ਨੂੰ ਇੰਗਲੈਂਡ ਦੀਆਂ ਦੋ ਭੈਣਾਂ ਗੁਰਲੀਨ ਕੌਰ ਅਤੇ ਬਸੰਤ ਕੌਰ ਨੇ ਕਲਮਬੰਦ ਕੀਤਾ ਹੈ।

ਇਹ ਕਿਤਾਬ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ ਸਮਰਪਿਤ ਹੈ। ਕਾਵਿ-ਸੰਗ੍ਰਹਿ ਨੂੰ 6 ਭਾਗਾਂ ਵਿੱਚ ਵੰਡਿਆ ਗਿਆ ਹੈ, ਜਿਸ ਵਿੱਚ "ਅਸੀਂ ਮੁੜ ਆਏ", "ਮਿੱਟੀ ਆਵਾਜ਼ਾਂ ਮਾਰਦੀ", "ਤਸਵੀਰਾਂ ਸ਼ਹੀਦਾਂ ਦੀਆਂ", "ਪੰਜਾਬ", "ਕੁਰਬਾਨੀ ਦਾ ਰਾਹ", "ਕਲਮ ਹੀ ਮੇਰੀ ਜੰਗ", "ਮਾਂ ਕਹਿੰਦੀ", "ਸੰਘਰਸ਼ ਵਿੱਚ ਜੰਮੇ ਹੋਏ", "ਕਿਸਦੀ ਵਾਰੀ ਹੁਣ", "ਗਦਾਰ", "ਏਕਤਾ", "ਨਿੱਝਰ ਦੀ ਕੁਰਬਾਨੀ", "ਉਸ ਤਾਰੇ ਦੀ ਉਡੀਕ", "ਚਿੱਠੀ", "ਓਹ ਸੁਪਨਾ ਹੁਣ ਸਾਡਾ" ਆਦਿ ਪ੍ਰਭਾਵਸ਼ਾਲੀ ਕਵਿਤਾਵਾਂ ਸ਼ਾਮਲ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਕਾਵਿ-ਸੰਗ੍ਰਹਿ ਨੂੰ ਪੜ੍ਹ ਕੇ ਇਹ ਅਹਿਸਾਸ ਹੁੰਦਾ ਹੈ ਕਿ ਛੋਟੀ ਉਮਰ ਵਿੱਚ ਹੀ ਦੋਵੇਂ ਭੈਣਾਂ ਨੇ ਸੋਚ ਅਤੇ ਸਮਝ ਦੇ ਪੱਖੋਂ ਇੱਕ ਵੱਡੀ ਪੁਲਾਂਘ ਪੱਟੀ ਹੈ। ਜ਼ਿਕਰਯੋਗ ਹੈ ਕਿ ਦੋਵੇਂ ਭੈਣਾਂ ਵਿਦੇਸ਼ ਵਿੱਚ ਜੰਮਪਲ ਹਨ, ਪਰ ਆਪਣੀ ਭੋਂ, ਕੌਮ ਅਤੇ ਸ਼ਹੀਦਾਂ ਨਾਲ ਉਹਨਾਂ ਦੀ ਡੂੰਘੀ ਸਾਂਝ ਇਸ ਕਿਤਾਬ ਦੇ ਹਰ ਸਫ਼ੇ ਵਿੱਚ ਸਾਫ਼ ਝਲਕਦੀ ਹੈ।

"ਕੁਰਬਾਨੀ ਦੀ ਲਹਿਰ" ਸਿਰਫ਼ ਇੱਕ ਕਾਵਿ-ਸੰਗ੍ਰਹਿ ਨਹੀਂ, ਬਲਕਿ ਨੌਜਵਾਨ ਪੀੜ੍ਹੀ ਦੀ ਚੇਤਨਾ, ਦਰਦ ਅਤੇ ਕੌਮੀ ਜ਼ਿੰਮੇਵਾਰੀ ਦਾ ਪ੍ਰਗਟਾਵਾ ਦਰਜ ਕੀਤਾ ਹੈ। "ਅਸੀਂ ਮੁੜ ਆਏ, ਧੀਆਂ ਹੋ ਕੇ, ਨਾ ਡਰ ਮੌਤ ਤੋਂ, ਨਾ ਜ਼ੁਲਮ ਤੋਂ, ਨਾ ਸੱਚ ਤੋਂ , ਨਾ ਕੌਮ ਦੇ ਦੁੱਖ ਤੋ ਮੁੱਖ ਮੋੜ, ਹੁਣ ਸਾਡੀ ਵਾਰੀ ਆ ਗਈ, ਸੱਚਾ ਇਤਿਹਾਸ ਲਿਖਣ ਦੀ "।





**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**


### ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

# ਕੌਮ ਦੇ ਹੀਰੇ



ਸ਼ਹੀਦ ਭਾਈ ਕੇਹਰ ਸਿੰਘ ਜੀ



ਸ਼ਹੀਦ ਭਾਈ ਬੇਅੰਤ ਸਿੰਘ ਜੀ



ਸ਼ਹੀਦ ਭਾਈ ਸਤਵੰਤ ਸਿੰਘ ਜੀ

## ਦੇ ਸ਼ਹੀਦੀ ਸਮਾਗਮ ਨੂੰ ਸਮਰਪਿਤ ਕੀਰਤਨ ਦਰਬਾਰ ਅਤੇ ਢਾਡੀ ਦਰਬਾਰ

ਪਿੰਡ ਮੁਸਤਫ਼ਾਬਾਦ, ਜਿਲ੍ਹਾਂ ਸ਼੍ਰੀ ਫਤਹਿਗੜ੍ਹ ਸਾਹਿਬ ( ਪੰਜਾਬ ) ਵਿਖੇ ਕਰਵਾਇਆ ਜਾ ਰਿਹਾ ਹੈ। ਸੰਗਤਾਂ ਨੂੰ ਬੇਨਤੀ ਹੈ ਕਿ ਇਸ ਕੀਰਤਨ ਸਮਾਗਮ ਵਿਚ ਹੁੰਮਹੁਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

## ਪ੍ਰੋਗਰਾਮ: 11 ਜਨਵਰੀ 2026 ਦਿਨ ਐਤਵਾਰ

* 10 ਵਜੇ ਪਾਠ ਸ਼੍ਰੀ ਸੁੱਖਮਨੀ ਸਾਹਿਬ ਜੀ
* ਉਪਰੰਤ ਕੀਰਤਨ ਸਮਾਗਮ ਅਤੇ ਢਾਡੀ ਦਰਬਾਰ
* 12 ਤੋਂ 1 ਵਜੇ ਤੱਕ ਸ਼ਹੀਦ ਸਿੰਘਾ ਜੀ ਦੇ ਜੀਵਨ ਅਤੇ ਸੰਘਰਸ਼ ਸਬੰਧੀ ਵਿਸ਼ੇਸ ਵਿਚਾਰਾ ਕੀਤੀਆਂ ਜਾਣਗੀਆਂ
* ਉਪਰੰਤ ਅਰਦਾਸ ਅਤੇ ਸਮਾਪਤੀ

ਗੁਰੂ ਕਾ ਲੰਗਰ ਅਤੁੱਟ ਵਰਤੇਗਾ। :

ਆਵਾਜ਼ਿ ਕੌਮ AWAZE QAUM International Newspaper & WEB TV



ਬੇਨਤੀ ਕਰਤਾ: ਭਾਈ ਸਤਵੰਤ ਸਿੰਘ ( ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਜੀ )

ਸਮੂੰਹ ਸ਼ਹੀਦ ਪਰਿਵਾਰ ,ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ 98103-84682




**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦਾ ਪਾਲਣ ਕੀਤਾ ਹੁੰਦਾ ਤਾਂ ਅੱਜ ਕਿਸੇ 'ਤੇ 'ਝੂਠਾ ਪ੍ਰਾਪੇਗੰਡਾ' ਕਰਨ ਦੇ ਦੋਸ਼ ਲਾਉਣ ਦੀ ਨੌਬਤ ਨਾ ਆਉਂਦੀ**

# ਸਕੱਤਰੇਤ ਅਕਾਲ ਤਖ਼ਤ ਦਾ ਹਿੱਸਾ ਨਹੀਂ ਤਾਂ ਕੀ ਪ੍ਰੋ. ਦਰਸ਼ਨ ਸਿੰਘ ਰਾਗੀ ਵਿਰੁੱਧ ਹੁਕਮਨਾਮਾ ਰੱਦ ਕਰੋਗੇ ?: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਤਲਬੀ ਦੇ ਮਾਮਲੇ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ 'ਜਥੇਦਾਰ' ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਕਾਲ ਤਖ਼ਤ ਦਾ ਹਿੱਸਾ ਨਾ ਮੰਨਣ ਵਾਲੀ ਦਲੀਲ ਨੂੰ ਚੁਨੌਤੀ ਦਿੱਤੀ ਅਤੇ ਇਸ ਨੂੰ ਪੰਥਕ ਇਤਿਹਾਸ ਅਤੇ ਰਵਾਇਤਾਂ ਦੇ ਉਲਟ ਕਰਾਰ ਦਿੱਤਾ ਹੈ।

> **ਸੱਚ ਸਾਹਮਣੇ ਲਿਆਉਣ ਲਈ ਕਾਨੂੰਨ ਨੂੰ ਬਿਨਾ ਕਿਸੇ ਦਬਾਅ ਆਪਣਾ ਕੰਮ ਕਰਨ ਦਿੱਤਾ ਜਾਣਾ ਚਾਹੀਦਾ ਹੈ**

ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਸਕੱਤਰੇਤ ਅਕਾਲ ਤਖ਼ਤ ਸਾਹਿਬ ਦਾ ਅਟੁੱਟ ਹਿੱਸਾ ਨਹੀਂ, ਤਾਂ ਫਿਰ 2009-10 ਵਿੱਚ ਪ੍ਰੋ. ਦਰਸ਼ਨ ਸਿੰਘ ਰਾਗੀ ਨੂੰ ਸਕੱਤਰੇਤ ਵਿਖੇ ਪੇਸ਼ ਨਾ ਹੋਣ ਦੇ ਆਧਾਰ 'ਤੇ ਤਨਖ਼ਾਹੀਆ ਅਤੇ ਬਾਅਦ ਵਿੱਚ ਪੰਥ ਵਿੱਚੋਂ ਛੇਕਣ ਦਾ ਹੁਕਮਨਾਮਾ ਕਿਹੜੇ ਅਧਿਕਾਰ ਹੇਠ ਜਾਰੀ ਹੋਇਆ ? ਉਨ੍ਹਾਂ ਸਵਾਲ ਉਠਾਇਆ ਕਿ ਜੇ ਗਿਆਨੀ ਗੜਗੱਜ ਆਪਣੀ ਦਲੀਲ 'ਤੇ ਕਾਇਮ ਹਨ, ਤਾਂ ਕੀ ਉਹ ਪ੍ਰੋ. ਦਰਸ਼ਨ ਸਿੰਘ ਰਾਗੀ ਵਿਰੁੱਧ ਜਾਰੀ ਇਤਿਹਾਸਕ ਹੁਕਮਨਾਮੇ ਨੂੰ ਰੱਦ ਕਰਨ ਦੀ ਹਿੰਮਤ ਵੀ ਦਿਖਾਉਣਗੇ ?

ਉਹਨਾਂ ਕਿਹਾ ਕਿ 328 ਪਾਵਨ ਸਰੂਪਾਂ ਦੀ ਪੜਤਾਲ ਦੇ ਮਾਮਲੇ ਵਿੱਚ ਨਿਆਂ ਪ੍ਰਣਾਲੀ ਤੇ ਸਰਕਾਰ ਬਨਾਮ ਧਰਮ ਤੇ ਅਕਾਲ ਤਖ਼ਤ ਸਾਹਿਬ ਨੂੰ ਆਪਸ ਦੇ ਸਨਮੁਖ ਖੜ੍ਹਾ ਕਰਨਾ ਨਾ ਪੰਜਾਬ ਦੇ ਹਿਤਾਂ 'ਚ ਹੈ ਅਤੇ ਨਾ ਹੀ ਪੰਥਕ ਹਿੱਤਾਂ 'ਚ ਹੋਵੇਗਾ। ਸੱਚ ਸਾਹਮਣੇ ਲਿਆਉਣ ਲਈ ਕਾਨੂੰਨ ਨੂੰ ਬਿਨਾ ਕਿਸੇ ਦਬਾਅ ਆਪਣਾ ਕੰਮ ਕਰਨ ਦਿੱਤਾ ਜਾਣਾ ਚਾਹੀਦਾ ਹੈ।

ਉਹਨਾਂ ਕਿਹਾ ਕਿ ਅਕਾਲ ਤਖ਼ਤ ਮਹਾਨ ਹੈ ਕਹਿਣ ਵਾਲੇ ਲੋਕ ਹੀ ਅਕਾਲ ਤਖ਼ਤ ਸਾਹਿਬ ਤੋਂ ਰਵਾਇਤ ਅਨੁਸਾਰ ਕੀਤੇ ਗਏ ਫ਼ੈਸਲਿਆਂ ਨੂੰ ਤਾਕ ਵਿੱਚ ਰੱਖ ਕੇ ਆਪ ਹੁਦਰੇ ਫ਼ੈਸਲੇ ਲੈ ਰਹੇ ਹਨ। 328 ਪਾਵਨ ਸਰੂਪਾਂ ਦੇ ਮਾਮਲੇ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦਾ ਪਾਲਣ ਕੀਤਾ ਜਾ ਰਿਹਾ ਹੋਣ ਦਾ ਦਾਅਵਾ ਕਰਨ ਵਾਲੀ ਸ਼੍ਰੋਮਣੀ ਕਮੇਟੀ ਜੋ ਆਦੇਸ਼ ਦੀ ਆੜ 'ਚ ਪੁਲੀਸ ਨੂੰ ਕਿਸੇ ਤਰਾਂ ਦਾ ਵੀ ਸਹਿਯੋਗ ਨਾ ਦੇਣ 'ਤੇ ਅੜੀ ਹੋਈ ਹੈ ਨੂੰ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਦੀ ਰੋਸ਼ਨੀ 'ਚ 27 ਅਗਸਤ 2020 ਨੂੰ ਮਤਾ ਨੰਬਰ 466 ਪਾਸ ਕਰਦਿਆਂ ਦੋਸ਼ੀਆਂ 'ਤੇ ਫ਼ੌਜਦਾਰੀ ਕਾਰਵਾਈ ਕਰਨ ਦੇ ਫ਼ੈਸਲੇ ਨੂੰ ਹਫ਼ਤੇ ਬਾਅਦ ਹੀ ਇਕ ਵਿਅਕਤੀ ਦੀ ਰਾਏ ਨਾਲ ਮਤਾ ਨੰਬਰ 493 ਪਾਸ ਕਰਕੇ ਅਕਾਲ ਤਖ਼ਤ ਦੇ ਆਦੇਸ਼ ਨੂੰ ਠੁਕਰਾਉਣ ਦਿੱਤਾ ਸੀ, ਕੀ ਉਸ ਸਮੇਂ ਅਕਾਲ ਤਖ਼ਤ ਸਾਹਿਬ ਦੀ ਮਹਾਨਤਾ ਨਹੀਂ ਯਾਦ ਰਹੀ ਸੀ ?



ਉਨ੍ਹਾਂ ਕਿਹਾ ਕਿ ਗੁਰੂ ਕੀ ਗੋਲਕ 'ਚੋਂ ਕਰੋੜਾਂ ਰੂਪ ਦੀ ਅਦਾਇਗੀ ਲੈਣ ਵਾਲੇ ਸਤਿੰਦਰ ਸਿੰਘ ਕੋਹਲੀ ਦੇ ਕੰਮਾਂ 'ਤੇ ਨਿਗਰਾਨੀ ਰੱਖੀ ਹੁੰਦੀ ਅਤੇ ਜਾਂਚ ਰਿਪੋਰਟ 'ਚ ਲਾਪਤਾ ਪਾਵਨ ਸਰੂਪਾਂ ਬਾਰੇ ਹੋਏ ਖ਼ੁਲਾਸੇ ਨੂੰ ਸੰਜੀਦਗੀ ਨਾਲ ਲੈਂਦਿਆਂ ਪਾਵਨ ਰੂਪਾਂ ਦੀ ਭਾਲ ਕੀਤੀ ਗਈ ਹੁੰਦੀ ਤਾਂ ਅੱਜ ਕਿਸੇ 'ਤੇ ਝੂਠਾ ਪ੍ਰਾਪੇਗੰਡਾ ਕਰਨ ਦੇ ਦੋਸ਼ ਨਾ ਲਾਉਣੇ ਪੈਂਦੇ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਦੀਆਂ ਪਰੰਪਰਾਵਾਂ ਅਤੇ ਆਭਾ ਨੂੰ ਖ਼ੁਦ ਭਾਰੀ ਢਾਹ ਸ਼੍ਰੋਮਣੀ ਕਮੇਟੀ ਨੇ ਹੀ ਲਗਾਈ ਹੈ।

**ਵਿਚਾਰ ਆਪੋ-ਆਪਣਾ**

ਪ੍ਰੋ. ਖਿਆਲਾ ਨੇ ਗਿਆਨੀ ਗੜਗੱਜ ਨੂੰ ਕਿਸੇ ਵੀ ਰਾਜਨੀਤਿਕ ਦਬਾਅ ਜਾਂ ਪਾਰਟੀਗਤ ਏਜੰਡੇ ਦਾ ਸੰਦ ਨਾ ਬਣਨ ਅਤੇ ਸੰਗਤ ਨੂੰ ਹੋਰ ਦੁਬਿਧਾ ਵਿੱਚ ਨਾ ਪਾਉਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਹਾਲ ਹੀ 'ਚ ਸਿਆਸਤ ਤੋਂ ਪ੍ਰੇਰਿਤ ਲਏ ਗਏ ਫ਼ੈਸਲਿਆਂ ਅਤੇ ਨੀਵੇਂ ਪੱਧਰ ਦੀ ਸਿਆਸੀ ਖੇਡ ਨੇ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ ਅਤੇ 'ਜਥੇਦਾਰੀ' ਵਰਗੇ ਉੱਚੇ ਰੁਤਬਿਆਂ ਨੂੰ ਵਿਵਾਦਾਂ ਦਾ ਕੇਂਦਰ ਬਣਾ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਦੋ ਟੁੱਕ ਸ਼ਬਦਾਂ ਵਿੱਚ ਕਿਹਾ ਕਿ ਕਿਸੇ ਵਿਅਕਤੀ ਵਿਸ਼ੇਸ਼ ਖ਼ਾਤਰ ਸਰਬਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਅਤੀਤ ਗਵਾਹ ਹੈ ਕਿ ਜਿਸ ਕਿਸੇ ਵੀ 'ਜਥੇਦਾਰ' ਨੇ ਵਿਅਕਤੀ ਵਿਸ਼ੇਸ਼ ਨੂੰ ਸਿਧਾਂਤਾਂ ਤੋਂ ਉੱਪਰ ਅਹਿਮੀਅਤ ਦਿੱਤੀ ਉਹ ਆਪ ਖ਼ੁਆਰ ਹੋਇਆ।

ਉਹਨਾਂ ਗਿਆਨੀ ਗੜਗੱਜ ਦੀ ਅਗਵਾਈ ਸਮਰੱਥਾ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਨਵੀਂਆਂ ਪਿਰਤਾਂ ਪੰਥ ਨੂੰ ਹੋਰ ਦੁਬਿਧਾ ਵਿੱਚ ਧੱਕ ਰਹੀਆਂ ਹਨ। ਇਸ ਲਈ ਜਥੇਦਾਰੀ ਪ੍ਰਣਾਲੀ ਲਈ ਸਪਸ਼ਟ ਵਿਧੀ-ਵਿਧਾਨ ਤੈਅ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ, ਨਹੀਂ ਤਾਂ ਅਜਿਹੇ ਬੇਲੋੜੇ ਵਿਵਾਦ ਲਗਾਤਾਰ ਜਨਮ ਲੈਂਦੇ ਰਹਿਣਗੇ।

ਉਹਨਾਂ ਪ੍ਰੋ. ਦਰਸ਼ਨ ਸਿੰਘ ਰਾਗੀ ਦੇ ਮਾਮਲੇ ਨੂੰ ਵਿਸਥਾਰ 'ਚ ਦਸਿਆ ਕਿ ਅਮਰੀਕਾ ਦੇ ਇੱਕ ਗੁਰਦੁਆਰੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬੰਧੀ ਇਤਰਾਜ਼ਯੋਗ ਟਿੱਪਣੀਆਂ ਲਈ ਤਲਬ ਕੀਤੇ ਗਏ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਪ੍ਰੋਫੈਸਰ ਦਰਸ਼ਨ ਸਿੰਘ ਰਾਗੀ ਨੂੰ ਸਕੱਤਰੇਤ ਵਿਖੇ ਪੰਜ ਸਿੰਘ ਸਾਹਿਬਾਨ ਦੇ ਸਨਮੁੱਖ ਪੇਸ਼ ਨਾ ਹੋਣ ਕਾਰਨ 5 ਦਸੰਬਰ 2009 ਨੂੰ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਉਸ ਵਿਰੁੱਧ ਗੁਰੂ ਪੰਥ ਦੇ ਸਰਬ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਰੰਪਰਾ ਨੂੰ ਠੇਸ ਪਚਾਉਣ ਅਤੇ ਮਾਨ ਮਰਿਆਦਾ ਤੇ ਸਿਧਾਂਤ ਦੀ ਘੋਰ ਉਲੰਘਣਾ ਦੇ ਦੋਸ਼ 'ਚ ਤਨਖ਼ਾਹੀਆ ਕਰਾਰ ਦੇ ਦਿੱਤਾ ਗਿਆ ਅਤੇ ਬਾਅਦ ਵਿਚ ਫਿਰ ਵੀ ਸਕੱਤਰੇਤ ਵਿਖੇ ਪੇਸ਼ ਨਾ ਹੋਣ ਦੀ ਜਿਦ ਲਈ ਗੁਰੂ ਨਿੰਦਕ ਅਤੇ ਗੁਰੂ ਪੰਥ ਤੋਂ ਆਕੀ ਹੋਣਾ ਕਹਿ ਕੇ 29 ਜਨਵਰੀ 2010 ਨੂੰ ਸਿੱਖ ਪੰਥ ਵਿੱਚੋਂ ਛੇਕ ਦਿੱਤਾ ਗਿਆ।

ਇਹ ਵਾਕਿਆ ਇਹ ਸਾਫ਼ ਕਰਦਾ ਹੈ ਕਿ ਸਕੱਤਰੇਤ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ, ਅਧਿਕਾਰ ਅਤੇ ਸੰਸਥਾਗਤ ਸਰੂਪ ਦਾ ਅਟੁੱਟ ਹਿੱਸਾ ਹੈ।

ਪੰਜਾਬ ਸਰਕਾਰ ਵਲੋਂ ਰਾਮ ਰਹੀਮ ਵਿਰੁੱਧ ਮਾਮਲਿਆਂ ਵਿੱਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇਣ ਦੇ ਬਾਵਜੂਦ

# ਕੋਈ ਕਾਰਵਾਈ ਕਿਉਂ ਨਹੀਂ ਹੋਈ : ਸ਼੍ਰੋਮਣੀ ਰਾਗੀ ਸਭਾ (ਸ੍ਰੀ ਅੰਮ੍ਰਿਤਸਰ)



**ਨਵੀਂ ਦਿੱਲੀ, 6 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਗੁਰਮੀਤ ਰਾਮ ਰਹੀਮ ਨੂੰ 15ਵੀਂ ਵਾਰ ਪੈਰੋਲ 'ਤੇ ਜੇਲ੍ਹ ਤੋਂ ਰਿਹਾਅ ਕੀਤਾ ਗਿਆ ਹੈ। ਡੇਰਾ ਮੁਖੀ, ਜੋ ਕਿ ਇੱਕ ਸਾਧਵੀ ਦੇ ਜਿਨਸੀ ਸ਼ੋਸ਼ਣ, ਇੱਕ ਪੱਤਰਕਾਰ ਦੇ ਕਤਲ ਅਤੇ ਦਸਮ ਪਾਤਸ਼ਾਹ ਦੇ ਸੁਆਂਗ ਰਚਣ ਦਾ ਦੋਸ਼ੀ ਹੈ, ਆਪਣੇ ਅਪਰਾਧਾਂ ਲਈ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਹੈ, ਨੂੰ ਵਾਰ-ਵਾਰ ਰਿਹਾਅ ਕੀਤਾ ਗਿਆ ਹੈ, ਖਾਸ ਕਰਕੇ ਚੋਣਾਂ ਜਾਂ ਵੱਡੇ ਡੇਰਾ ਸਮਾਗਮਾਂ ਤੋਂ ਪਹਿਲਾਂ, ਜਿਸ ਨਾਲ ਰਾਜਨੀਤਿਕ ਬਹਿਸ ਅਤੇ ਜਨਤਕ ਰੋਸ ਪੈਦਾ ਹੋਇਆ ਹੈ। ਇਸ ਬਾਰੇ ਗੱਲਬਾਤ ਕਰਦਿਆਂ ਸ਼੍ਰੋਮਣੀ ਰਾਗੀ ਸਭਾ (ਸ੍ਰੀ ਅੰਮ੍ਰਿਤਸਰ) ਦੇ ਪ੍ਰਧਾਨ ਭਾਈ ਉਂਕਾਰ ਸਿੰਘ ਜੀ ਨੇ ਕਿਹਾ ਕਿ ਜਦੋਂ ਵੀ ਗੁਰਮੀਤ ਰਾਮ ਰਹੀਮ ਨੂੰ ਜੇਲ੍ਹ ਤੋਂ ਰਿਹਾਅ ਕੀਤਾ ਜਾਂਦਾ ਸੀ, ਇਹ ਕਿਸੇ ਚੋਣ ਜਾਂ ਕਿਸੇ ਖਾਸ ਸਮਾਗਮ ਨਾਲ ਮੇਲ ਖਾਂਦਾ ਸੀ। ਚੋਣਾਂ ਤੋਂ ਠੀਕ ਪਹਿਲਾਂ ਉਸਨੂੰ ਪੈਰੋਲ ਜਾਂ ਫਰਲੋ ਦੇਣ ਨਾਲ ਅਕਸਰ ਰਾਜਨੀਤਿਕ ਵਿਵਾਦ ਪੈਦਾ ਹੁੰਦਾ ਹੈ। ਉਨ੍ਹਾਂ ਕਿਹਾ ਇਸ ਵਾਰ, ਭਾਵੇਂ ਕੋਈ ਚੋਣਾਂ ਨਹੀਂ ਹਨ, ਪਰ ਜਦੋਂ ਵੀ ਸਿਰਸਾ ਦੇ ਡੇਰਾ ਸੱਚਾ ਸੌਦਾ ਹੈੱਡਕੁਆਰਟਰ ਵਿੱਚ ਕੋਈ ਵੱਡਾ ਸਮਾਗਮ ਜਾਂ ਧਾਰਮਿਕ ਇਕੱਠ ਹੁੰਦਾ ਹੈ ਤਾਂ ਗੁਰਮੀਤ ਰਾਮ ਰਹੀਮ ਨੂੰ ਪੈਰੋਲ ਜਾਂ ਫਰਲੋ 'ਤੇ ਜੇਲ੍ਹ ਤੋਂ ਰਿਹਾਅ ਕੀਤਾ ਗਿਆ ਹੈ। ਉਨ੍ਹਾਂ ਕਿਹਾ ਸਿੱਖ ਬੰਦੀ ਸਿੰਘ ਭਾਵੇਂ ਓਹ ਦਿਬਰੂਗੜ, ਬੁੜੈਲ ਜੇਲ੍ਹ ਵਿਚ ਬੰਦ ਹੋਵੇ ਜਾਂ ਫਿਰ ਦੇਸ਼ ਦੀ ਕਿਸੇ ਜੇਲ੍ਹ ਅੰਦਰ ਹੋਣ ਉਨ੍ਹਾਂ ਨੂੰ ਪੈਰੋਲ/ਫਰਲੋ ਨਹੀਂ ਦਿੱਤੀ ਜਾਂਦੀ ਪਰ ਬਲਾਤਕਾਰੀ ਅਤੇ ਕਾਤਿਲ ਉਪਰ ਸਰਕਾਰ ਇਤਨੀ ਮੇਹਰਬਾਨੀ ਕਿਉਂ ਦਿਖਾ ਰਹੀ ਹੈ ਜਿਸ ਕਰਕੇ ਜਿਸ ਕਰਕੇ ਬਹੁਤ ਸਾਰੇ ਸਵਾਲ ਖੜ੍ਹੇ ਹੋਏ ਹਨ। ਗੁਰਮੀਤ ਰਾਮ ਰਹੀਮ ਦੀ ਪੈਰੋਲ ਬਾਰੇ, ਭਾਈ ਉਂਕਾਰ ਸਿੰਘ ਜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਪੰਜਾਬ ਵਿੱਚ ਗੁਰਮੀਤ ਰਾਮ ਰਹੀਮ ਵਿਰੁੱਧ ਮਾਮਲਿਆਂ ਵਿੱਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਗਈ ਸੀ, ਪਰ ਅੱਗੇ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਦੱਸੇ ਕਿ ਅੱਗੇ ਕਾਰਵਾਈ ਕਿਉਂ ਨਹੀਂ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਸਰਕਾਰ ਹਰ 15-20 ਦਿਨਾਂ ਬਾਅਦ ਰਾਮ ਰਹੀਮ ਨੂੰ ਪੈਰੋਲ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਦੋਵੇਂ ਪਾਰਟੀਆਂ (ਆਪ-ਭਾਜਪਾ) ਰਾਮ ਰਹੀਮ ਮਾਮਲੇ ਵਿੱਚ ਇੱਕ-ਦੂਜੇ ਦੀ ਟੀਮ ਵਜੋਂ ਕੰਮ ਕਰ ਰਹੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਦੋਵੇਂ ਧਿਰਾਂ ਪੰਜਾਬ ਵਿੱਚ ਵਿਗੜਦੇ ਹਾਲਾਤ ਲਈ ਜ਼ਿੰਮੇਵਾਰ ਹਨ। ਅੰਤ ਵਿਚ ਉਨ੍ਹਾਂ ਕਿਹਾ ਹਰਿਆਣਾ ਸਰਕਾਰ ਨੂੰ ਤੁਰੰਤ ਰਾਮ ਰਹੀਮ ਦੀ ਪੈਰੋਲ ਰੱਦ ਕਰਕੇ ਮੁੜ ਜੇਲ੍ਹ ਅੰਦਰ ਬੰਦ ਕਰਣਾ ਚਾਹੀਦਾ ਹੈ।

ਸਰਦੀਆਂ ਵਿੱਚ ਬੁਜ਼ੁਰਗਾਂ, ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ

# ਸਿਹਤ ਦਾ ਖਾਸ ਧਿਆਨ ਰੱਖਣ ਦੀ ਲੋੜ : ਐਸ ਆਈ ਅਸ਼ੋਕ ਕੁਮਾਰ



ਸੰਗਰੂਰ (ਰਣਜੀਤ ਸਿੰਘ ਪੇਧਨੀ) ਸਿਵਲ ਸਰਜਨ ਸੰਗਰੂਰ ਡਾ.ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਵਿੱਚ ਅਸ਼ੋਕ ਐਸ ਆਈ ਨੇ ਵੱਧ ਰਹੀ ਸਰਦੀ ਤੋਂ ਬਚਾਓ ਬਾਰੇ ਜਾਗਰੂਕ ਕੀਤਾ ਗਿਆ ਕਿ ਸਰਦੀ ਨਾਲ ਬੁਜ਼ੁਰਗਾਂ, ਬੱਚਿਆਂ ਅਤੇ ਗਰਭਵਤੀ ਔਰਤਾਂ ਤੇ ਵੱਧ ਪ੍ਰਭਾਵ ਪੈਂਦਾ ਹੈ ਇਸ ਲਈ ਉਹਨਾਂ ਦੀ ਖਾਸ ਦੇਖਭਾਲ ਕਰਨੀ ਚਾਹੀਦੀ ਹੈ। ਠੰਡ ਅਤੇ ਧੁੰਦ ਵਿੱਚ ਬੁਜ਼ੁਰਗਾਂ ਅਤੇ ਦਿਲ ਦੇ ਰੋਗੀਆਂ ਨੂੰ ਸਵੇਰੇ ਜਾਂ ਦੇਰ ਸ਼ਾਮ ਘਰ ਤੋਂ ਬਾਹਰ ਨਿਕਲਣ ਜਾਂ ਸੈਰ ਕਰਨ ਤੋਂ ਬਚਣਾ ਚਾਹੀਦਾ ਹੈ। ਇਸ ਮੌਸਮ ਵਿੱਚ ਛੋਟੇ ਬੱਚਿਆਂ ਨੂੰ ਨਮੂਨੀਆ ਹੋਣ ਦਾ ਖ਼ਤਰਾ ਵੱਧ ਜਾਂਦਾ ਹੈ ਉਹਨਾਂ ਨੂੰ ਠੰਡ ਕਾਰਨ ਉਲਟੀ ਅਤੇ ਦਸਤ ਵੀ ਲੱਗ ਸਕਦੇ ਹਨ ਇਸ ਲਈ ਛੋਟੇ ਬੱਚਿਆਂ ਨੂੰ ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਾਓ ਨਾਲ ਹੀ ਬੱਚਿਆਂ ਨੂੰ ਸਿਰ ਢੱਕਣ ਲਈ ਟੋਪੀ, ਹੱਥਾਂ ਅਤੇ ਪੈਰਾਂ ਵਿੱਚ ਦਸਤਾਨੇ ਅਤੇ ਜੁਰਾਬਾਂ ਪਾਓ। ਬੱਚਿਆਂ ਨੂੰ ਨੰਗੇ ਪੈਰ ਨਾ ਚੱਲਣ ਦਿਓ।

ਸਰਦੀਆਂ ਦੇ ਮੌਸਮ ਦੌਰਾਨ ਘਰ ਦੇ ਕਿਸੇ ਵੀ ਬੰਦ ਕਮਰੇ ਵਿੱਚ ਅੱਗ ਨਾ ਬਾਲੋ ਕਿਉਂਕਿ ਬਲਦੀ ਅੱਗ ਕਾਰਨ ਕਾਰਬਨ ਮੋਨੋ ਆਕਸਾਈਡ ਗੈਸ ਪੈਦਾ ਹੁੰਦੀ ਹੈ ਅਤੇ ਆਕਸੀਜਨ ਦੀ ਕਮੀ ਦਾ ਕਾਰਨ ਬਣਦੀ ਹੈ ਜੋ ਸਾਡੇ ਲਈ ਜਾਨਲੇਵਾ ਹੋ ਸਕਦੀ ਹੈ। ਜੇ ਕਰ ਵਿਅਕਤੀ ਨੂੰ ਠੰਡ ਲੱਗਣਾ, ਬੁਖਾਰ ਹੋਣਾ ਅਤੇ ਕਾਂਬਾ ਛਿੜਨ ਦੇ ਲੱਛਣ ਹੋ ਹੋਣ ਅਤੇ ਸਰੀਰ ਦਾ ਤਾਪਮਾਨ ਘੱਟ ਹੋ ਜਾਵੇ , ਲੰਬੇ ਸਮੇਂ ਤੱਕ ਸਰਦੀ -ਜ਼ੁਕਾਮ, ਅਤੇ ਸਰਦੀ ਕਾਰਨ ਉਂਗਲੀਆਂ, ਪੈਰਾਂ ਦੀਆਂ ਉਂਗਲੀਆਂ, ਨੱਕ ਜਾਂ ਕੰਨ ਦੇ ਬਾਹਰੀ ਹਿੱਸੇ ਤੇ ਛਾਲੇ ਹੋਣ ਵਰਗੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਠੰਡ ਤੋਂ ਬਚਾਓ ਲਈ ਸੂਪ, ਚਾਹ, ਕੌਫੀ ਵਰਗੀਆਂ ਗ਼ਰਮ ਚੀਜ਼ਾਂ ਅਤੇ ਸੰਤੁਲਿਤ ਭੋਜਨ ਲੈਣਾ ਚਾਹੀਦਾ ਹੈ। ਸਰਦੀਆਂ ਵਿੱਚ ਸਰੀਰ ਦਾ ਤਾਪਮਾਨ ਨੌਰਮਲ ਬਣਾਈ ਰੱਖਣ ਲਈ ਇੱਕ ਤੋਂ ਜਿਆਦਾ ਪਰਤਾਂ ਦੇ ਕੱਪੜੇ ਪਹਿਨੇ ਜਾਣੇ ਚਾਹੀਦੇ ਹਨ। ਸਰੀਰ ਦਾ ਤਾਪਮਾਨ ਸੰਤੁਲਿਤ ਰੱਖਣ ਲਈ ਪੋਸ਼ਿਟਕ ਭੋਜਨ ਖਾਣਾ ਜਰੂਰੀ ਹੈ। ਵਿਟਾਮਿਨ ਸੀ ਨਾਲ ਭਰਪੂਰ ਫਲ ਅਤੇ ਸਬਜ਼ੀਆਂ ਖਾਣੀਆਂ ਚਾਹੀਦੀਆਂ ਹਨ। ਸਰੀਰ ਵਿੱਚ ਪਾਣੀ ਦੀ ਕਮੀ ਨੂੰ ਪੂਰਾ ਕਰਨ ਲਈ ਨਿਅਮਿਤ ਅੰਤਰਾਲ ਤੇ ਜਾਂ ਲੋੜ ਅਨੁਸਾਰ ਗੁਨਗੁਨਾਂ ਪਾਣੀ ਪੀਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸੰਘਣੀ ਧੁੰਦ ਦੇ ਕਾਰਨ ਹੋਣ ਵਾਲੀਆਂ ਦੁਰਘਟਨਾਵਾਂ ਤੋਂ ਬਚਣ ਲਈ ਟ੍ਰੈਫਿਕ ਨਿਯਮਾਂ ਦਾ ਪਾਲਨ ਕਰਨਾ ਚਾਹੀਦਾ ਹੈ ਅਤੇ ਗ਼ੈਰ ਜਰੂਰੀ ਯਾਤਰਾ ਤੋਂ ਬਚਣਾ ਚਾਹੀਦਾ ਹੈ। ਟੀਮ ਮੈਂਬਰ ਅਸੋਕ ਕੁਮਾਰ ਐਸ ਆਈ, ਗੁਰਪ੍ਰੀਤ ਸਿੰਘ ਮ, ਪ, ਹ, ਵ(ਮ)ਅਤੇ ਬਲਜਿੰਦਰ ਸਿੰਘ ਉੱਪ ਵੈਦ ਹਾਜ਼ਰ ਸਨ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਛਾਤੀ ਕੈਂਸਰ ਦੀ ਜਾਂਚ ਲਈ ਵਿਸ਼ੇਸ਼ ਸਕ੍ਰੀਨਿੰਗ ਕੈਂਪ ਦਾ ਆਯੋਜਨ



ਤਲਵੰਡੀ ਸਾਬੋ, 06 ਜਨਵਰੀ ਗੁਰਜੰਟ ਸਿੰਘ ਨਥੇਹਾ)- ਸਿਹਤ ਵਿਭਾਗ ਪੰਜਾਬ ਵੱਲੋਂ ਔਰਤਾਂ ਵਿੱਚ ਵੱਧ ਰਹੇ ਛਾਤੀ ਕੈਂਸਰ ਬਾਰੇ ਜਾਗਰੂਕਤਾ ਅਤੇ ਉਸਦੀ ਸਮੇਂ ਸਿਰ ਪਹਿਚਾਣ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਸਕ੍ਰੀਨਿੰਗ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਅੱਜ ਤੋਂ 10 ਜਨਵਰੀ ਤੱਕ ਆਯੋਜਿਤ ਕੀਤਾ ਗਿਆ ਹੈ, ਜਿੱਥੇ ਮਾਡਰਨ ਥਰਮਲ ਐਨਾਲਿਟਿਕਲ ਤਕਨੀਕਾਂ ਰਾਹੀਂ ਛਾਤੀ ਕੈਂਸਰ ਦੀ ਪ੍ਰਾਰੰਭਿਕ ਜਾਂਚ ਕੀਤੀ ਜਾਵੇਗੀ। ਇਸ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀਕਾਂਤ ਗੁਪਤਾ ਨੇ ਦੱਸਿਆ ਕਿ ਛਾਤੀ ਕੈਂਸਰ ਦਾ ਸਮੇਂ ਸਿਰ ਪਤਾ ਲਗਾ ਕੇ ਹੀ ਇਸ ਦਾ ਪੂਰਾ ਇਲਾਜ ਸੰਭਵ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਹ ਯਤਨ ਕੀਤਾ ਜਾ ਰਿਹਾ ਹੈ ਕਿ ਹਰ ਮਹਿਲਾ ਨੂੰ ਸਕ੍ਰੀਨਿੰਗ ਦੀ ਸੁਵਿਧਾ ਨਜ਼ਦੀਕੀ ਸਰਕਾਰੀ ਹਸਪਤਾਲਾਂ ਵਿੱਚ ਹੀ ਪ੍ਰਾਪਤ ਹੋ ਸਕੇ। ਡਾ. ਗੁਪਤਾ ਨੇ ਸਮੂਹ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਆਪਣੀ ਜਾਂਚ ਜ਼ਰੂਰ ਕਰਵਾਉਣ। ਉਹਨਾਂ ਦੱਸਿਆ ਕਿ ਛਾਤੀ ਕੈਂਸਰ ਨੂੰ ਹਰਾਉਣ ਦਾ ਸਭ ਤੋਂ ਸੌਖਾ ਤਰੀਕਾ ਸਮੇਂ ਸਿਰ ਪਹਿਚਾਣ ਹੈ। ਇਸ ਸਕ੍ਰੀਨਿੰਗ ਰਾਹੀਂ ਸ਼ੁਰੂਆਤੀ ਪੱਧਰ 'ਤੇ ਕੈਂਸਰ ਦੀ ਪਛਾਣ ਹੋ ਸਕਦੀ ਹੈ ਜਿਸ ਨਾਲ ਇਲਾਜ ਸਫਲ ਹੋਣ ਦੇ ਮੌਕੇ ਕਈ ਗੁਣਾ ਵੱਧ ਜਾਂਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਕੈਂਪ ਦੌਰਾਨ ਮੁਫ਼ਤ ਚੈਕਅੱਪ, ਜਾਣਕਾਰੀ ਸੈਸ਼ਨ ਅਤੇ ਕੈਂਸਰ ਪ੍ਰਤੀ ਜਾਗਰੂਕਤਾ ਸਮੱਗਰੀ ਲੋਕਾਂ ਨੂੰ ਉਪਲਬਧ ਕਰਾਈ ਜਾਵੇਗੀ। ਸਿਵਲ ਹਸਪਤਾਲ ਤਲਵੰਡੀ ਸਾਬੋ ਵੱਲੋਂ ਸਾਰੀਆਂ ਮਹਿਲਾਵਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੀ ਸਿਹਤ ਪ੍ਰਤੀ ਸਚੇਤ ਰਹਿਣ ਤੇ ਕੈਂਸਰ ਤੋਂ ਬਚਾਅ ਲਈ ਸਮੇਂ ਸਿਰ ਸਕ੍ਰੀਨਿੰਗ ਕਰਵਾਉਣ ਨੂੰ ਆਪਣੀ ਜ਼ਿੰਮੇਵਾਰੀ ਸਮਝਣ।

# ਪਵਿੱਤਰ ਸ਼ਹਿਰ ਤਲਵੰਡੀ ਸਾਬੋ ਵਿੱਚ ਖੁੱਲ੍ਹੇਆਮ ਵਿਕ ਰਿਹਾ ਹੈ ਆਂਡਾ ਮੀਟ



ਤਲਵੰਡੀ ਸਾਬੋ, 06 ਜਨਵਰੀ (ਹਰਭਜਨ ਸਿੰਘ)- ਕਾਂਗਰਸ ਦੇ ਉਸ ਸਮੇਂ ਦੇ ਮੁੱਖ ਮੰਤਰੀ ਮਰਹੂਮ ਬੇਅੰਤ ਸਿੰਘ ਵਲੋਂ ਪਵਿੱਤਰ ਸ਼ਹਿਰ ਐਲਾਨੇ ਜਾਣ ਦੇ ਲੰਬੇ ਸਮੇਂ ਬਾਅਦ ਅਤੇ ਹੁਣ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਤਲਵੰਡੀ ਸਾਬੋ ਉਹ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇ ਦਿੱਤਾ ਪਰ ਇਸ ਦੇ ਬਾਵਜੂਦ ਵੀ ਗੁਰੂ ਗੋਬਿੰਦ ਦੀ ਚਰਨ ਛੋਹ ਅਤੇ ਗੁਰੂ ਕੀ ਕਾਸ਼ੀ ਦੇ ਖਿਤਾਬ ਨਾਲ ਨਿਵਾਜੀ ਧਰਤੀ ਤੇ ਅੱਜ ਮੀਟ, ਆਂਡੇ, ਜਰਦਾ ਗੱਲ ਕੀ ਉਹ ਕਿਹੜਾ ਨਸ਼ਾ ਹੈ ਜੋ ਇਸ ਸ਼ਹਿਰ ਅੰਦਰ ਨਜਾਇਜ਼ ਢੰਗ ਨਾਲ ਵਿਕ ਨਾ ਰਿਹਾ ਹੋਵੇ। ਜੇਕਰ ਮੀਟ ਦੇ ਢਾਬਿਆਂ ਦੀ ਗੱਲ ਕਰੀਏ ਤਾਂ ਮਹਿਜ਼ ਪੁਲਿਸ ਥਾਣੇ ਤੋਂ 500 ਮੀਟਰ ਦੂਰੀ ਤੇ ਸ਼ਰੇਆਮ ਢਾਬਾ ਖੋਲ ਕੇ ਵੇਚ ਰਹੇ ਹਨ ਪਰ ਪ੍ਰਸ਼ਾਸਨ ਦਾ ਧਿਆਨ ਪਤਾ ਨਹੀਂ ਕਿੱਥੇ ਹੈ ਕੁਝ ਕੁ ਦੁਕਾਨਾਂ ਤੋਂ ਜਰਦਾ ਬੀੜੀਆਂ ਅਤੇ ਸ਼ਰਾਬ ਦੇ ਠੇਕਿਆਂ ਨੂੰ ਤਲਵੰਡੀ ਸਾਬੋ ਦੀ ਹੱਦ ਤੋਂ ਦੂਰ ਕੀਤਾ ਗਿਆ। ਲੋਕਾਂ ਨੇ ਇਸ ਗੱਲ ਦੀ ਬਹੁਤ ਸ਼ਲਾਘਾ ਕੀਤੀ ਪ੍ਰੰਤੂ ਚਿੰਤਕ ਲੋਕ ਇਹ ਕਹਿੰਦੇ ਸੁਣੇ ਗਏ ਕਿ ਅਜੇ ਵੀ ਸ਼ਹਿਰ ਦੀ ਪਵਿੱਤਰਤਾ ਨੂੰ ਢਾਹ ਲਾਉਣ ਲਈ ਹੋਰ ਮਿਹਨਤ, ਮੁਸ਼ੱਕਤ ਕਰਨ ਦੀ ਜ਼ਰੂਰਤ ਹੈ। ਸ਼ਹਿਰ ਦੇ ਸੰਗਤ ਵਾਲੇ ਬੱਸ ਅੱਡੇ ਕੋਲ ਇੱਕ ਦੁਕਾਨਦਾਰ ਨੇ ਆਪਣਾ ਗੁਪਤ ਨਾਮ ਰੱਖਦਿਆਂ ਦੱਸਿਆ ਕਿ ਸ਼ਹਿਰ ਦੀ ਹਦੂਦ ਅੰਦਰ ਰਾਮਾਂ ਰੋਡ ਜਾਂ ਸ਼ਹਿਰ ਦੀਆਂ ਹੋਰ ਬਹੁਤੀਆਂ ਥਾਵਾਂ ਤੇ ਮੀਟ, ਆਂਡੇ ਰੱਖ ਕੇ ਸ਼ਰੇਆਮ ਵੇਚੇ ਜਾ ਰਹੇ ਹਨ। ਜੇਕਰ ਜਿਸਮ ਫਰੋਸ਼ੀ ਦੀ ਗੱਲ ਕਰੀਏ ਤਾਂ ਤਲਵੰਡੀ ਸਾਬੋ ਦੇ ਵਿੱਚ ਇਸ ਵਕਤ ਸਭ ਤੋਂ ਵੱਧ ਹੋਟਲਾਂ ਅੰਦਰ ਜਿਸਮ ਫਰੋਸ਼ੀ ਹੋ ਰਹੀ ਹੈ। ਜਿਹਨਾਂ ਵੱਲ ਕਿਸੇ ਪ੍ਰਸ਼ਾਸ਼ਿਨਕ ਅਧਿਕਾਰੀ ਜਾਂ ਰਾਜਨੀਤੀ ਕਰਨ ਵਾਲੇ ਲੋਕਾਂ ਦਾ ਕੋਈ ਧਿਆਨ ਨਹੀਂ ਹੈ। ਨਸ਼ਾ ਵਰੋਧੀ ਮੰਚ ਦੇ ਸੀਨੀਅਰ ਆਗੂ ਰੁਪਿੰਦਰਜੀਤ ਸਿੱਧੂ ਨੇ ਕਿਹਾ ਕਿ ਅਜੇ ਵੀ ਤਲਵੰਡੀ ਸਾਬੋ ਵਿੱਚ ਸਭ ਤੋਂ ਵੱਧ ਵਿਕ ਰਿਹਾ ਨਸ਼ਾ ਇਸ ਬਾਰੇ ਉਹ ਸ਼ਹਿਰ ਦੀ ਪਵਿੱਤਰਤਾ ਨੂੰ ਲੈ ਕੇ ਚਿੰਤਿਤ ਹਨ ਅਤੇ ਜੇਕਰ ਲੋਕਾਂ ਦਾ ਸਾਥ ਰਿਹਾ ਤਾਂ ਉਹ ਅਜਿਹਾ ਸਭ ਕੁਝ ਖਤਮ ਕਰਕੇ ਹਟਣਗੇ ਜੋ ਪਵਿੱਤਰਤਾ ਨੂੰ ਢਾਹ ਲਾ ਰਿਹਾ ਹੋਵੇ। ਸ਼ਹਿਰ ਅੰਦਰ ਰੇਹੜੀਆਂ ਰਾਹੀਂ ਆਂਡੇ ਵੇਚ ਰਹੇ ਵਿਅਕਤੀਆਂ ਦੀ ਗੱਲ ਕਰਦਿਆਂ ਜਸਪਾਲ ਸਿੰਘ ਨੇ ਕਿਹਾ ਕਿ ਅਜਿਹਾ ਕਰਨਾ ਸਾਡੇ ਲਈ ਤਾਂ ਗਲਤ ਹੈ ਹੀ ਪਰ ਉਸ ਤੋਂ ਵੱਧ ਸਾਡੀਆਂ ਸਰਕਾਰਾਂ ਲਈ ਗਲਤ ਹੈ ਜੋ ਕਹਿਣੀ ਤੇ ਕਰਨੀ ਤੇ ਖਰਾ ਨਹੀਂ ਉਤਰਦੀਆਂ।ਇਸ ਸਬੰਧੀ ਜਦੋਂ ਡੀਐਸਪੀ ਹਰਪ੍ਰੀਤ ਸਿੰਘ ਚਾਹਲ ਤਲਵੰਡੀ ਸਾਬੋ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਉਹਨਾਂ ਵੱਲੋਂ ਸ਼ਹਿਰ ਅੰਦਰ ਆਉਂਦੇ ਜੋ ਸ਼ਹਿਰ ਦੀ ਪਵਿੱਤਰਤਾ ਨੂੰ ਢਾਹ ਲਾ ਰਹੇ ਹੋਣ ਉਨਾਂ ਨੂੰ ਬੰਦ ਕਰਾ ਦਿੱਤਾ ਗਿਆ ਹੈ ਜੇਕਰ ਫਿਰ ਵੀ ਕੋਈ ਚੋਰੀ ਛੁਪੇ ਅਜਿਹਾ ਕਰ ਰਿਹਾ ਤਾਂ ਉਨਾਂ ਵੱਲੋਂ ਪੂਰੀ ਨਜ਼ਰ ਰੱਖੀ ਜਾ ਰਹੀ ਹੈ। ਇਸ ਸਬੰਧੀ ਜਦੋਂ ਨਗਰ ਪੰਚਾਇਤ ਦੇ ਪ੍ਰਧਾਨ ਦੇ ਲੜਕੇ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਉਨਾਂ ਨੂੰ ਸ਼ਹਿਰ ਅੰਦਰ ਖੁੱਲੇ ਢਾਬਿਆਂ ਦਾ ਪਤਾ ਨਹੀਂ ਜੇਕਰ ਢਾਬੇ ਖੁੱਲੇ ਸਨ ਤਾਂ ਉਹਨਾਂ 'ਤੇ ਕਾਰਵਾਈ ਜਰੂਰ ਕਰਨਗੇ। ਹੁਣ ਦੇਖਣਾ ਇਹ ਹੋਵੇਗਾ ਕਿ ਦਮਦਮਾ ਸਾਹਿਬ ਤਲਵੰਡੀ ਸਾਬੋ ਸਚਮੁੱਚ ਪਵਿੱਤਰ ਸ਼ਹਿਰ ਬਣੇਗਾ ਜਾਂ ਫਿਰ ਐਲਾਨ ਹੀ ਦਰਜ ਹੋਣਗੇ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ



# ਸਵ. ਬੀਬੀ ਕਸ਼ਮੀਰ ਕੌਰ

ਬੀਬੀ ਕਸ਼ਮੀਰ ਕੌਰ (ਸੁਪਤਨੀ- ਸ. ਨਿਰਵੈਰ ਸਿੰਘ ਅਰਸ਼ੀ ਅਤੇ ਮਾਤਾ- ਭਾਈ ਨੌਨਿਹਾਲ ਸਿੰਘ (ਹਜ਼ੂਰੀ ਰਾਗੀ: ਤਖ਼ਤ ਸ੍ਰੀ ਕੇਸਗੜ੍ਹ ਸਾਹਿਬ), ਪ੍ਰੋ. ਮਨਪ੍ਰੀਤ ਸਿੰਘ ਅਤੇ ਸਤਨਾਮ ਕੌਰ ਡੀ. ਪੀ. ਈ. ਮੁਕਤਸਰ, ਜੋ ਪਰਮੇਸ਼ਰ ਵੱਲੋਂ ਬਖਸ਼ੀ ਹੋਈ ਆਯੂ ਨੂੰ ਸਫ਼ਲਤਾ ਸਹਿਤ ਭੋਗ ਕੇ, ਮਿਤੀ 1 ਜਨਵਰੀ 2026 ਨੂੰ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਕ ਸ਼ਾਂਤੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਬਾਣੀ ਦੇ ਸਹਿਜ ਪਾਠ ਦੇ ਭੋਗ ਮਿਤੀ 10 ਜਨਵਰੀ, 2026, ਦਿਨ ਸ਼ਨਿੱਚਰਵਾਰ ਨੂੰ ਸਵੇਰੇ 11 ਤੋਂ 1 ਵਜੇ ਤੀਕ (ਸ੍ਰੀ ਅਨੰਦਪੁਰ ਸਾਹਿਬ - ਸ੍ਰੀ ਕੀਰਤਪੁਰ ਸਾਹਿਬ ਰੋਡ ਉੱਤੇ ਸਥਿਤ) ਸਾਡੇ ਗ੍ਰਹਿ 'ਅਰਸ਼ੀ ਨਿਵਾਸ', ਨਜ਼ਦੀਕ ਕੋਹਲੀ ਹਸਪਤਾਲ ਅਤੇ ਅਨੰਦ ਪੈਲੇਸ, ਨਿੱਕੂਵਾਲ ਮੋੜ ਵਿਖੇ ਪਾਏ ਜਾਣਗੇ। ਅੰਤਮ ਅਰਦਾਸ ਵਿਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

--★ ਗੁਰੂ ਦੇ ਭਾਣੇ ਵਿੱਚ ★--

ਨਿਰਵੈਰ ਸਿੰਘ ਅਰਸ਼ੀ: 9888636413

ਭਾਈ ਨੌਨਿਹਾਲ ਸਿੰਘ: 9779170001

ਪ੍ਰੋ. ਮਨਪ੍ਰੀਤ ਸਿੰਘ: 9878988375

### 328 ਪਾਵਨ ਸਰੂਪਾਂ ਦੇ ਮਾਮਲੇ ’ਚ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦਾ ਕੀਤਾ ਜਾ ਰਿਹਾ ਹੈ ਪਾਲਨ- ਸ਼੍ਰੋਮਣੀ ਕਮੇਟੀ ਅਧਿਕਾਰੀ



## ਕਿਹਾ; ਆਪ ਆਗੂਆਂ ਵੱਲੋਂ ਕੀਤੀ ਜਾ ਰਹੀ ਨਿਰਅਧਾਰ ਬਿਆਨਬਾਜ਼ੀ ਸਿੱਖ ਸੰਸਥਾ ਨੂੰ ਢਾਹ ਲਗਾਉਣ ਵਾਲੀ

**ਅੰਮ੍ਰਿਤਸਰ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਪੱਸ਼ਟ ਕੀਤਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ’ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਪੁਲਿਸ ਪ੍ਰਸ਼ਾਸਨ ਨੂੰ ਕਿਸੇ ਤਰ੍ਹਾਂ ਦਾ ਸਹਿਯੋਗ ਨਹੀਂ ਕੀਤਾ ਜਾਵੇਗਾ ਅਤੇ ਨਾ ਹੀ ਕੋਈ ਰਿਕਾਰਡ ਮੁਹੱਈਆ ਕਰਵਾਇਆ ਜਾਵੇਗਾ। ਅੱਜ ਇਥੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਦੀ ਅਗਵਾਈ ਵਿਚ ਹੋਈ ਅਧਿਕਾਰੀਆਂ ਦੀ ਮੀਟਿੰਗ ਮਗਰੋਂ ਜਾਰੀ ਬਿਆਨ ਵਿਚ ਸਮੁੱਚੇ ਮਾਮਲੇ ’ਤੇ ਸਿੱਖ ਸੰਸਥਾ ਦਾ ਪੱਖ ਸਪੱਸ਼ਟ ਕਰਦਿਆਂ ਕਿਹਾ ਗਿਆ ਕਿ ਜਿਹੜੇ ਇਸ ਮਾਮਲੇ ਵਿਚ ਦੋਸ਼ੀ ਮੁਲਾਜ਼ਮ ਸਨ, ਉਨ੍ਹਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਾਂਚ ਰਿਪੋਰਟ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਕਾਰਵਾਈ ਮੁਕੰਮਲ ਕੀਤੀ ਜਾ ਚੁੱਕੀ ਹੈ। ਇਸ ਮਾਮਲੇ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਆਦੇਸ਼ ਸਿੱਖ ਸੰਸਥਾ ਲਈ ਅੰਤਮ ਹੈ, ਜਿਸ ਅਨੁਸਾਰ ਸਰਕਾਰ ਨੂੰ ਕੋਈ ਸਹਿਯੋਗ ਨਹੀਂ ਦਿੱਤਾ ਜਾ ਸਕਦਾ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਭੇਟਾ ਨਿੱਜੀ ਹਿੱਤਾਂ ਲਈ ਵਰਤਣ ਅਤੇ ਰਿਕਾਰਡ ਵਿਚ ਹੇਰ-ਫੇਰ ਕਰਨ ਵਾਲੇ ਸਿੱਧੇ ਤੌਰ ’ਤੇ ਤਿੰਨ ਮੁਲਾਜ਼ਮ ਸ. ਕੰਵਲਜੀਤ ਸਿੰਘ, ਸ. ਬਾਜ ਸਿੰਘ ਤੇ ਸ. ਦਲਬੀਰ ਸਿੰਘ ਸਨ। ਇਨ੍ਹਾਂ ਨੇ ਆਪਣੀ ਲਾਲਸਾ ਖ਼ਾਤਿਰ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਪ੍ਰਬੰਧ ਨੂੰ ਹੀ ਬਦਨਾਮ ਕੀਤਾ। ਸ਼੍ਰੋਮਣੀ ਕਮੇਟੀ ਦੇ ਵਿਧਾਨ ਅਨੁਸਾਰ ਜਦੋਂ ਸ਼ਰਧਾਲੂ ਜਾਂ ਗੁਰਦੁਆਰਾ ਕਮੇਟੀਆਂ ਪਾਵਨ ਸਰੂਪਾਂ ਦੀ ਮੰਗ ਕਰਦੇ ਹਨ ਤਾਂ ਨਿਯਮਾਂ ਅਨੁਸਾਰ ਪ੍ਰਚਾਰਕ ਦੀ ਪੜਤਾਲ ਰਿਪੋਰਟ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸਿਫਾਰਸ਼ ਬਾਅਦ ਸਕੱਤਰ ਪੱਧਰ ਦੇ ਅਧਿਕਾਰੀ ਵੱਲੋਂ ਪ੍ਰਵਾਨਗੀ ਦਿੱਤੀ ਜਾਂਦੀ ਹੈ। ਇਸ ਬਾਅਦ ਪਾਵਨ ਸਰੂਪ ਦੇਣ ਸਮੇਂ ਭੇਟਾ ਜਮ੍ਹਾਂ ਕਰਕੇ ਰਸੀਦ ਕੱਟੀ ਜਾਂਦੀ ਹੈ ਅਤੇ ਉਸ ਨੂੰ ਰਿਕਾਰਡ ਵਿਚ ਦਰਜ ਕੀਤਾ ਜਾਂਦਾ ਹੈ। ਇਸ ਪ੍ਰਕਿਰਿਆ ਨੂੰ ਨਜ਼ਰਅੰਦਾਜ਼ ਕਰਕੇ ਇਹ ਜ਼ੁੰਮੇਵਾਰੀ ਪਬਲੀਕੇਸ਼ਨ ਵਿਭਾਗ ਵਿਖੇ ਤਾਇਨਾਤ ਤਤਕਾਲੀ ਮੁਲਾਜ਼ਮਾਂ ਨੇ ਨਹੀਂ ਨਿਭਾਈ। ਇਸ ਤਰ੍ਹਾਂ ਉਹ ਸਿੱਧੇ ਤੌਰ ’ਤੇ ਦੋਸ਼ੀ ਹੋਣ ਕਰਕੇ ਹੀ ਉਨ੍ਹਾਂ ਉੱਪਰ ਸਖ਼ਤ ਕਾਰਵਾਈ ਕੀਤੀ ਗਈ ਅਤੇ ਇਸ ਦੇ ਨਾਲ ਹੀ ਕਈ ਵੱਡੇ ਅਧਿਕਾਰੀਆਂ ਨੂੰ ਪ੍ਰਬੰਧਕੀ ਤੌਰ ’ਤੇ ਕਾਰਵਾਈ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਸਿੱਖ ਗੁਰਦੁਆਰਾ ਐਕਟ ਦੀ ਭਾਵਨਾ ਅਨੁਸਾਰ ਕਾਰਜ ਕਰਦੀ ਹੈ ਅਤੇ ਇਸ ਦੌਰਾਨ ਕੰਮ ਕਰਨ ਵਾਲੇ ਹਰ ਮੁਲਾਜ਼ਮ ਦੀ ਆਪਣੀ ਨਿਰਧਾਰਤ ਜ਼ੁੰਮੇਵਾਰੀ ਹੈ। ਜੇਕਰ ਉਸ ਵਿਚ ਕੋਈ ਅਵੱਗਿਆ ਕਰਦਾ ਹੈ ਤਾਂ ਉਸ ਖਿਲਾਫ਼ ਸਰਵਿਸ ਨਿਯਮਾਂ ਅਨੁਸਾਰ ਵਿਭਾਗੀ ਕਾਰਵਾਈ ਕਰਨੀ ਸੰਸਥਾ ਦਾ ਆਪਣਾ ਅਧਿਕਾਰ ਹੈ।

ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਪੰਜਾਬ ਸਰਕਾਰ ਚਲਾ ਰਹੀ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਕੀਤੀ ਜਾ ਰਹੀ ਨਿਰਆਧਾਰ ਬਿਆਨਬਾਜ਼ੀ ਨੂੰ ਵੀ ਸਿੱਖ ਸੰਸਥਾ ਨੂੰ ਜਾਣਬੁਝ ਕੇ ਬਦਨਾਮ ਕਰਨ ਵਾਲੀ ਹਰਕਤ ਕਰਾਰ ਦਿੱਤਾ। ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੂਰੀ ਸਿੱਖ ਕੌਮ ਦੀ ਆਪਣੀ ਹੈ, ਜਿਸ ਪ੍ਰਤੀ ਝੂਠਾ ਪ੍ਰਾਪੇਗੰਡਾ ਸਿੱਖਾਂ ਦੀ ਇਕ ਮਾਣਮਤੀ ਸੰਸਥਾ ਨੂੰ ਸੱਟ ਮਾਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਸ੍ਰੀ ਬਲਤੇਜ ਪੰਨੂ ਵੱਲੋਂ ਮੀਡੀਆ ਨਾਲ ਗੱਲ ਕਰਦਿਆਂ ਇਹ ਖਿਆਲ ਨਹੀਂ ਰੱਖਿਆ ਜਾ ਰਿਹਾ ਕਿ ਉਨ੍ਹਾਂ ਦੇ ਸ਼ਬਦ ਕਿਸੇ ਵੀ ਤਰ੍ਹਾਂ ਤਰਕਸੰਗਤ ਨਹੀਂ ਹਨ। ਮਨਮਰਜ਼ੀ ਦੀ ਬਿਆਨਬਾਜ਼ੀ ਨਾਲ ਸਿੱਖ ਸੰਸਥਾ ਦੀਆਂ ਪ੍ਰੰਪਰਾਵਾਂ ਅਤੇ ਆਭਾ ਨੂੰ ਭਾਰੀ ਢਾਹ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੰਗਤ ਨੂੰ ਨਿਰਧਾਰਤ ਨਿਯਮਾਂ ਅਨੁਸਾਰ ਦਿੱਤੇ ਜਾਂਦੇ ਹਨ। ਆਪ ਆਗੂ ਵੱਲੋਂ ਇਹ ਕਹਿਣਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਪਾਸ ਪਾਵਨ ਸਰੂਪਾਂ ਦੇ ਸਬੰਧ ਵਿਚ ਇਕ ਡਾਇਰੀ ਹੈ, ਜੋ ਸੰਗਤਾਂ ਵਿਚ ਭੁਲੇਖਾ ਪੈਦਾ ਕਰਨ ਵਾਲੀ ਗੱਲ ਹੈ। ਅਜਿਹਾ ਕੋਈ ਵੀ ਵਿਧਾਨ ਨਹੀਂ ਹੈ, ਜਿਸ ਤਰ੍ਹਾਂ ਡਾਇਰੀ ਆਦਿ ਬਾਰੇ ਪ੍ਰਚਾਰ ਕੀਤਾ ਜਾ ਰਿਹਾ ਹੈ।

ਵੱਖ-ਵੱਖ ਸਮੇਂ ’ਤੇ ਪਬਲੀਕੇਸ਼ਨ ਵਿਭਾਗ ਵਿਖੇ ਬਤੌਰ ਇੰਚਾਰਜ ਅਤੇ ਮੀਤ ਸਕੱਤਰ ਸੇਵਾ ਨਿਭਾਉਣ ਵਾਲੇ ਸ. ਗੁਰਿੰਦਰ ਸਿੰਘ, ਸ, ਗੁਰਨਾਮ ਸਿੰਘ ਅਤੇ ਸ. ਮਨਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਪਾਵਨ ਸਰੂਪ ਦੇਣ ਲਈ ਡਾਇਰੀ ਜਾਂ ਪਰਚੀ ਦੀ ਕੋਈ ਵੀ ਵਿਵਸਥਾ ਨਹੀਂ ਹੈ। ਪਾਵਨ ਸਰੂਪਾਂ ਦੀ ਲਿਖਾਪੜ੍ਹੀ ਵਿਭਾਗੀ ਲੈਜਰਾਂ ਵਿਚ ਹੀ ਕੀਤੀ ਜਾਂਦੀ ਹੈ ਅਤੇ ਭੇਟਾ ਦੀ ਰਸੀਦ ਕੱਟੀ ਜਾਂਦੀ ਹੈ।

ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਅਪੀਲ ਕੀਤੀ ਕਿ ਸ਼੍ਰੋਮਣੀ ਕਮੇਟੀ ਨੂੰ ਸਰਕਾਰ ਸਿੱਧੇ ਤੌਰ ’ਤੇ ਨਿਸ਼ਾਨੇ ’ਤੇ ਲੈਣ ਤੋਂ ਗੁਰੇਜ ਕਰੇ ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕਰਵਾਈ ਗਈ ਜਾਂਚ ਅਨੁਸਾਰ ਇਸ ਸੰਜੀਦਾ ਮਾਮਲੇ ’ਤੇ ਸਿੱਖ ਸੰਸਥਾ ਵੱਲੋਂ ਆਪਣੀ ਕਾਰਵਾਈ ਕਰਨ ਮੌਕੇ ਕੋਈ ਢਿੱਲ ਨਹੀਂ ਵਰਤੀ ਗਈ। ਉਨ੍ਹਾਂ ਇਕ ਵਾਰ ਫਿਰ ਸਪੱਸ਼ਟ ਕੀਤਾ ਕਿ ਇਸ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਕੋਈ ਸਹਿਯੋਗ ਨਹੀਂ ਦਿੱਤਾ ਜਾ ਸਕਦਾ, ਜਿਸ ਬਾਰੇ ਸਰਕਾਰ ਨੂੰ ਸਮਝਣਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਪਬਲੀਸਿਟੀ ਅਸਿਸਟੈਂਟ ਸ. ਜਗਤਾਰ ਸਿੰਘ ਖੋਦੇਬੇਟ ਆਦਿ ਹਾਜ਼ਰ ਸਨ।

### ਅਕਾਲੀ ਦਲ ਵਾਰਿਸ ਪੰਜਾਬ ਨੂੰ ਵੱਡਾ ਝਟਕਾ

# ਨਿਹਾਲ ਸਿੰਘ ਵਾਲਾ (ਜ਼ਿਲ੍ਹਾ ਮੋਗਾ) ਦੀ ਟੀਮ ਵਲੋਂ ਆਪਣੇ ਅਹੁਦਿਆਂ ਤੋਂ ਸਮੂਹਿਕ ਅਸਤੀਫ਼ੇ



1. ਸੁਖਦੀਪ ਸਿੰਘ ਮਾਣੂੰਕੇ ਜ਼ਿਲ੍ਹਾ ਮੋਗਾ ਕਾਰਜਕਰਨੀ ਕਮੇਟੀ ਮੈਂਬਰ ਤੋਂ ਅਸਤੀਫ਼ਾ!
2. ਬਲਜੀਤ ਸਿੰਘ ਰਾਏ ਨਿਹਾਲ ਸਿੰਘ ਵਾਲਾ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਰਨੀ ਕਮੇਟੀ ਮੈਂਬਰ ਅਤੇ ਐਮ. ਪੀ. ਸਰਬਜੀਤ ਸਿੰਘ ਖਾਲਸਾ ਦੀ ਪੰਜ ਮੈਂਬਰੀ ਕਮੇਟੀ ਮੈਂਬਰ ਤੋਂ ਅਸਤੀਫ਼ਾ !
3. ਤਰਸੇਮ ਸਿੰਘ ਅਜੀਤਵਾਲ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਰਨੀ ਕਮੇਟੀ ਮੈਂਬਰ ਤੋ ਅਸਤੀਫ਼ਾ !
4. ਹਰਵਿੰਦਰ ਸਿੰਘ ਹੈਪੀ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਰਨੀ ਕਮੇਟੀ ਮੈਂਬਰ ਤੋਂ ਅਸਤੀਫ਼ਾ !
5. ਸੁਖਪ੍ਰੀਤ ਸਿੰਘ ਪੱਖਰਵੱਡ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਰਨੀ ਕਮੇਟੀ ਮੈਂਬਰ ਤੋਂ ਅਸਤੀਫ਼ਾ !
6. ਜਸਵਿੰਦਰ ਸਿੰਘ ਹਿੰਮਤਪੁਰਾ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਰਨੀ ਕਮੇਟੀ ਮੈਂਬਰ ਤੋਂ ਅਸਤੀਫ਼ਾ!
7. ਅਮਰਜੀਤ ਸਿੰਘ (ਜੀਤਾ) ਰਾਮੂੰਵਾਲਾ ਬਲਾਕ ਨਿਹਾਲ ਸਿੰਘ ਵਾਲਾ ਕਮੇਟੀ ਮੈਂਬਰ ਤੋਂ ਅਸਤੀਫ਼ਾ!
8. ਕਾਲਾ ਬੁੱਟਰ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਾਰੀ ਕਮੇਟੀ ਮੈਂਬਰ ਤੋ ਅਸਤੀਫ਼ਾ!
9. ਇੰਦਰਪਾਲ ਸਿੰਘ ਦੌਧਰ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਾਰੀ ਕਮੇਟੀ ਮੈਂਬਰ ਤੋ ਅਸਤੀਫਾ!
10. ਗੋਰਾ ਡਾਲਾ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਾਰੀ ਕਮੇਟੀ ਮੈਂਬਰ ਤੋ ਅਸਤੀਫਾ!
11. ਰਾਜਵਿੰਦਰ ਸਿੰਘ ਬੁੱਟਰ ਖੁਰਦ ਬਲਾਕ ਨਿਹਾਲ ਸਿੰਘ ਵਾਲਾ ਕਾਰਜਕਾਰੀ ਕਮੇਟੀ ਮੈਂਬਰ ਤੋ ਅਸਤੀਫਾ!

ਨਿਹਾਲ ਸਿੰਘ ਵਾਲਾ ਦੇ 12 ਬਲਾਕ ਦੇ ਕਾਰਜਕਾਰੀ ਕਮੇਟੀ ਮੈਂਬਰਾਂ ਅਤੇ ਨਿਹਾਲ ਸਿੰਘ ਵਾਲਾ ਦੇ ਵੱਖ-ਵੱਖ 28 ਪਿੰਡਾ ਦੇ ਕਮੇਟੀ ਮੈਂਬਰਾਂ ਵੱਲੋਂ ਅਕਾਲੀ ਦਲ ਵਾਰਿਸ ਪੰਜਾਬ ਦੀ ਪਾਰਟੀ ਦੀ ਮੁੱਢਲੀ ਮੈਂਬਰਸਿੱਪ ਤੋ ਅਸਤੀਫੇ ਦਿੱਤੇ ਗਏ ਹਨ, ਕੁੱਲ ਮਿਲਾ ਕੇ ਟੀਮ ਦੇ 50/60 ਨੌਜਵਾਨਾਂ ਵੱਲੋਂ ਅਸਤੀਫੇ ਦਿੱਤੇ ਗਏ । ਅੱਜ ਸਭਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ.ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ । ਇਸ ਮੌਕੇ ਹਲਕਾ ਇੰਚਾਰਜ ਸ.ਰਾਜਵਿੰਦਰ ਸਿੰਘ ਧਰਮਕੋਟ ਸਮੇਤ ਅਕਾਲੀ ਆਗੂ ਹਾਜ਼ਰ ਰਹੇ।

**ਰਿਪੋਰਟ : ਆਵਾਜ਼ਿ ਕੌਮ, ਯੂ. ਕੇ.**

# ਪੁੰਗਰੇ ਅਨਾਜ ਦੀ ਮਹੱਤਤਾ



ਪੁੰਗਰਿਆ ਅਨਾਜ ਮਨੁੱਖੀ ਭੋਜਨ ਦਾ ਇੱਕ ਅਤਿ-ਪੌਸ਼ਟਿਕ, ਜੀਵੰਤ ਅਤੇ ਵਿਗਿਆਨਕ ਤੌਰ ’ਤੇ ਸਰਗਰਮ ਰੂਪ ਹੈ। ਇਹ ਬੀਜਾਂ, ਦਾਲਾਂ ਜਾਂ ਅਨਾਜਾਂ ਦੇ ਨਿਯੰਤਰਿਤ ਪੁੰਗਰਣ ਰਾਹੀਂ ਤਿਆਰ ਹੁੰਦਾ ਹੈ, ਜਿਸ ਨਾਲ ਭਰਪੂਰ ਪੋਸ਼ਕ ਤੱਤ ਸਰੀਰ ਲਈ ਆਸਾਨੀ ਨਾਲ ਉਪਲਬਧ ਹੋ ਜਾਂਦੇ ਹਨ। ਆਧੁਨਿਕ ਸਮੇਂ ਵਿੱਚ ਜ਼ਿਆਦਾ ਮਸਾਲੇਦਾਰ ਅਤੇ ਫਾਸਟ ਫੂਡ ਖਾਣ ਨਾਲ ਲੋਕਾਂ ਅੰਦਰ ਜੀਵਨ-ਸ਼ੈਲੀ ਨਾਲ ਸੰਬੰਧਿਤ ਬਿਮਾਰੀਆਂ, ਪੋਸ਼ਣ ਦੀ ਘਾਟ ਅਤੇ ਪਾਚਨ ਸਮੱਸਿਆਵਾਂ ਵੱਧ ਰਹੀਆਂ ਹਨ। ਪੁੰਗਰਿਆ ਅਨਾਜ ਇੱਕ ਘੱਟ ਲਾਗਤ, ਟਿਕਾਊ ਅਤੇ ਵਿਗਿਆਨਕ ਤੌਰ ’ਤੇ ਪ੍ਰਮਾਣਿਤ ਖ਼ੁਰਾਕੀ ਹੱਲ ਵਜੋਂ ਸਾਹਮਣੇ ਆਉਂਦਾ ਹੈ।

ਮਨੁੱਖੀ ਪੋਸ਼ਣ ਹੁਣ ਸਿਰਫ਼ ਕੈਲੋਰੀਆਂ ਤੱਕ ਸੀਮਿਤ ਨਹੀਂ ਰਹਿ ਗਿਆ, ਸਗੋਂ ਪੋਸ਼ਕ ਤੱਤਾਂ ਦੀ ਪੂਰਤੀ, ਜੈਵਿਕ ਉਪਲਬਧਤਾ ਅਤੇ ਰੋਗ-ਰੋਕਥਾਮਕ ਸਿਹਤ ਸੰਭਾਲ ’ਤੇ ਕੇਂਦ੍ਰਿਤ ਹੋ ਚੁੱਕਾ ਹੈ। ਪ੍ਰੋਸੈਸਡ ਅਤੇ ਕਾਰਬੋਹਾਈਡ੍ਰੇਟਾਂ ਨਾਲ ਭਰਪੂਰ ਆਧੁਨਿਕ ਖ਼ੁਰਾਕਾਂ ਅਕਸਰ ਸਰੀਰ ਦੀ ਵਿਟਾਮਿਨਾਂ, ਖਣਿਜਾਂ ਅਤੇ ਰੇਸ਼ਿਆਂ (ਫਾਇਬਰ) ਦੀ ਲੋੜਾਂ ਪੂਰੀਆਂ ਨਹੀਂ ਕਰਦੀਆਂ। ਪੁੰਗਰਿਆ ਅਨਾਜ ਜੋ ਪੁਰਾਤਨ ਕਾਲ ਤੋਂ ਮਨੁੱਖੀ ਸਭਿਆਚਾਰਾਂ ਵਿੱਚ ਵਰਤੋਂ ਵਿੱਚ ਰਿਹਾ ਹੈ, ਅਜੋਕੇ ਸਮਾਜ ਵਿੱਚ ਵਿਗਿਆਨਕ ਅਤੇ ਸਿਹਤ ਸੰਭਾਲ ਕਾਰਣ ਪੁਗਰਿਤ ਅਨਾਜ ਖਿੱਚ ਦਾ ਕੇਂਦਰ ਬਣ ਰਹੇ ਹਨ।

ਪੁੰਗਰਿਆ ਅਨਾਜ ਕੀ ਹੈ ?

ਪੁੰਗਰਿਆ ਅਨਾਜ ਉਹ ਛੋਟੇ ਪੌਦੇ ਹਨ ਜੋ ਬੀਜਾਂ, ਦਾਲਾਂ ਜਾਂ ਅਨਾਜਾਂ ਨੂੰ ਪਾਣੀ, ਹਵਾ ਅਤੇ ਉਚਿਤ ਤਾਪਮਾਨ ਮਿਲਣ ’ਤੇ ਉੱਗਦੇ ਹਨ। ਆਮ ਤੌਰ ’ਤੇ ਵਰਤੇ ਜਾਣ ਵਾਲੇ ਪੁੰਗਰਿਆ ਅਨਾਜ ਹਨ:

ਦਾਲਾਂ ਦਾ ਪੁੰਗਰਿਆ ਅਨਾਜ: ਮੂੰਗ, ਮਸਰ, ਛੋਲੇ, ਮਾਂਹ ਦਾਲ

ਬੀਜਾਂ ਦਾ ਪੁੰਗਰਿਆ ਅਨਾਜ: ਮੇਥੀ, ਸਰੋਂ, ਐਲਫਐਲਫਾ

ਅਨਾਜ ਦਾ ਪੁੰਗਰਿਆ ਅਨਾਜ: ਕਣਕ, ਜੌਂ, ਭੂਰੇ ਚਾਵਲ

ਪੁੰਗਰਣ ਦੌਰਾਨ ਐਂਜ਼ਾਈਮ ਸਰਗਰਮ ਹੋ ਜਾਂਦੇ ਹਨ, ਜੋ ਪੋਸ਼ਕ ਤੱਤਾਂ ਦੀ ਗੁਣਵੱਤਾ ਅਤੇ ਪਾਚਣਯੋਗਤਾ ਨੂੰ ਵੱਧਾਉਂਦੇ ਹਨ।

ਪੁੰਗਰਿਆ ਅਨਾਜ ਤਿਆਰ ਕਰਨ ਦੇ ਢੰਗ

**ਆਮ ਵਿਧੀ** : ਬੀਜ ਚੁਣ ਕੇ ਸਾਫ਼ ਪਾਣੀ ਨਾਲ ਧੋਣਾ।

8-12 ਘੰਟੇ ਪਾਣੀ ਵਿੱਚ ਭਿਉਂਣਾ।

ਪਾਣੀ ਕੱਢ ਕੇ ਨਮੀ ਵਾਲੇ ਕਪੜੇ ਵਿੱਚ ਰੱਖਣਾ।

24-72 ਘੰਟਿਆਂ ਵਿੱਚ ਪੁੰਗਰਿਆ ਅਨਾਜ ਤਿਆਰ।

ਰੋਜ਼ਾਨਾ ਹਲਕਾ ਧੋਣਾ।

ਤਿਆਰ ਹੋਣ ’ਤੇ ਠੰਡੀ ਥਾਂ ਜਾਂ ਫ੍ਰਿਜ਼ ਵਿੱਚ ਸੰਭਾਲਣਾ।

ਸਫ਼ਾਈ ਦੀ ਮਹੱਤਤਾ

ਸਿਹਤ ਸੰਭਾਲ ਦ੍ਰਿਸ਼ਟੀਕੋਣ ਤੋਂ ਸਫ਼ਾਈ ਬਹੁਤ ਜ਼ਰੂਰੀ ਹੈ, ਕਿਉਂਕਿ ਨਮੀ ਵਾਲਾ ਮਾਹੌਲ ਜੀਵਾਣੂਆਂ ਦੀ ਵਾਧੂ ਵਧੋਤਰੀ ਲਈ ਅਨੁਕੂਲ ਹੁੰਦਾ ਹੈ। ਬੱਚਿਆਂ, ਗਰਭਵਤੀ ਔਰਤਾਂ ਅਤੇ ਕਮਜ਼ੋਰ ਰੋਗ-ਰੋਧਕ ਸ਼ਕਤੀ ਵਾਲੇ ਵਿਅਕਤੀਆਂ ਲਈ ਹਲਕਾ ਪਕਾਇਆ ਪੁੰਗਰਿਆ ਅਨਾਜ ਵਧੇਰੇ ਸੁਰੱਖਿਅਤ ਮੰਨਿਆ ਜਾਂਦਾ ਹੈ।

ਪੁੰਗਰਿਆ ਅਨਾਜ ਦੀ ਪੋਸ਼ਕ ਸੰਰਚਨਾ

ਮੈਕਰੋ ਪੋਸ਼ਕ ਤੱਤ

**ਪ੍ਰੋਟੀਨ** : ਪੁੰਗਰਿਆ ਅਨਾਜ ਵਿੱਚ ਪ੍ਰੋਟੀਨ ਐਮੀਨੋ ਐਸਿਡਾਂ ਵਿੱਚ ਟੁੱਟ ਕੇ ਆਸਾਨੀ ਨਾਲ ਪਚਣਯੋਗ ਬਣ ਜਾਂਦਾ ਹੈ। ਇਹ ਲਾਇਸੀਨ, ਲਿਊਸੀਨ ਅਤੇ ਵੈਲਿਨ ਵਰਗੇ ਜ਼ਰੂਰੀ ਐਮੀਨੋ ਐਸਿਡ ਪ੍ਰਦਾਨ ਕਰਦਾ ਹੈ, ਜੋ ਮਾਸਪੇਸ਼ੀ ਵਿਕਾਸ ਅਤੇ ਸਰੀਰਕ ਮੁਰੰਮਤ ਲਈ ਲਾਜ਼ਮੀ ਹਨ।

**ਕਾਰਬੋਹਾਈਡ੍ਰੇਟ** : ਜਟਿਲ ਕਾਰਬੋਹਾਈਡ੍ਰੇਟ ਹੌਲੀ-ਹੌਲੀ ਆਸਾਨੀ ਨਾਲ ਹਜ਼ਮ ਹੋਣ ਵਾਲੀ ਸ਼ੱਕਰ ਵਿੱਚ ਬਦਲ ਜਾਂਦੇ ਹਨ, ਜਿਸ ਨਾਲ ਘੱਟ ਗਲਾਇਸੇਮਿਕ ਇੰਡੈਕਸ ਬਣਦਾ ਹੈ ਅਤੇ ਊਰਜਾ ਲੰਬੇ ਸਮੇਂ ਤੱਕ ਮਿਲਦੀ ਰਹਿੰਦੀ ਹੈ।

**ਚਰਬੀ ਅਤੇ ਤੇਲ** : ਇਸ ਵਿੱਚ ਚਰਬੀ ਘੱਟ ਹੁੰਦੀ ਹੈ ਪਰ ਲਾਭਕਾਰੀ ਅਸੰਤ੍ਰਿਪਤ ਫੈਟੀ ਐਸਿਡ ਮੌਜੂਦ ਹੁੰਦੇ ਹਨ। ਕੁਝ ਬੀਜਾਂ ਦੇ ਪੁੰਗਰਿਆ ਅਨਾਜ ਵਿੱਚ ਓਮੇਗਾ-3 ਅਤੇ ਓਮੇਗਾ-6 ਫੈਟੀ ਐਸਿਡ ਵੀ ਮਿਲਦੇ ਹਨ।

ਮਾਇਕਰੋ ਪੋਸ਼ਕ ਤੱਤ

**ਵਿਟਾਮਿਨ** : ਪੁੰਗਰਣ ਨਾਲ ਵਿਟਾਮਿਨ ਸੀ ਦੀ ਮਾਤਰਾ ਵੱਧ ਜਾਂਦੀ ਹੈ। ਇਸ ਦੇ ਨਾਲ ਵਿਟਾਮਿਨ ਬੀ-ਕੰਪਲੈਕਸ, ਵਿਟਾਮਿਨ ਕੇ ਅਤੇ ਬੀਟਾ-ਕੈਰੋਟੀਨ ਵੀ ਭਰਪੂਰ ਮਾਤਰਾ ਵਿੱਚ ਹੁੰਦੇ ਹਨ।

**ਖਣਿਜ** : ਲੋਹਾ, ਕੈਲਸ਼ੀਅਮ, ਮੈਗਨੀਸ਼ੀਅਮ, ਜ਼ਿੰਕ, ਸੇਲੇਨੀਅਮ ਅਤੇ ਪੋਟਾਸ਼ੀਅਮ ਹੱਡੀਆਂ, ਖ਼ੂਨ ਅਤੇ ਦਿਲ ਦੀ ਸਿਹਤ ਸੰਭਾਲ ਲਈ ਮਹੱਤਵਪੂਰਨ ਹਨ।

ਫਾਇਬਰ

ਇਹ ਆਂਦਰਾਂ ਦੀ ਸਿਹ ਨੂੰ ਸੁਧਾਰਦਾ ਹੈ, ਕਬਜ਼ ਤੋਂ ਬਚਾਉਂਦਾ ਹੈ ਅਤੇ ਸ਼ੂਗਰ ਤੇ ਕੋਲੇਸਟਰੋਲ ਨਿਯੰਤਰਣ ਵਿੱਚ ਸਹਾਇਕ ਹੁੰਦਾ ਹੈ।

ਪਾਣੀ ਦੀ ਮਾਤਰਾ

70-90% ਤੱਕ ਪਾਣੀ ਹੋਣ ਕਾਰਨ ਇਹ ਸਰੀਰ ਨੂੰ ਹਾਈਡਰੇਟ ਰੱਖਦਾ ਅਤੇ ਭੁੱਖ ਨੂੰ ਸੰਤੁਲਿਤ ਕਰਦਾ ਹੈ।

**ਸੇਵਨ ਦੀ ਮਾਤਰਾ ਅਤੇ ਢੰਗ** : ਜੁਆਨਾਂ ਲਈ: 50-100 ਗ੍ਰਾਮ ਪ੍ਰਤੀ ਦਿਨ

ਬੱਚਿਆਂ ਲਈ: 20-40 ਗ੍ਰਾਮ

ਸਿਹਤ ਸੰਭਾਲ ਲੋੜ ਹੇਠ: 150 ਗ੍ਰਾਮ (ਮਾਹਿਰ ਸਲਾਹ ਨਾਲ)

ਇਸਨੂੰ ਸਲਾਦ, ਸੂਪ, ਹਲਕੀ ਭਾਫ਼ ਨਾਲ ਪਕਾ ਕੇ ਜਾਂ ਦਹੀਂ ਨਾਲ ਮਿਲਾ ਕੇ ਵਰਤਿਆ ਜਾ ਸਕਦਾ ਹੈ।

ਸਿਹਤ ਸੰਭਾਲ ਵਿੱਚ ਲਾਭ

ਪਾਚਨ ਤੰਤਰ ਦੀ ਸਿਹਤ

ਪੁੰਗਰਿਆ ਅਨਾਜ ਐਂਜ਼ਾਈਮਾਂ ਨਾਲ ਭਰਪੂਰ ਹੁੰਦਾ ਹੈ, ਜੋ ਭੋਜਨ ਪਚਾਉਣ ਵਿੱਚ ਮਦਦ ਕਰਦਾ ਹੈ ਅਤੇ ਕਬਜ਼ ਤੋਂ ਰਾਹਤ ਦਿੰਦਾ ਹੈ।

**ਮੈਟਾਬੋਲਿਕ ਰੋਗ** : ਇਹ ਡਾਇਬਟੀਜ਼ ਨਿਯੰਤਰਣ, ਵਜ਼ਨ ਪ੍ਰਬੰਧਨ ਅਤੇ ਇੰਸੁਲਿਨ ਸੰਵੇਦਨਸ਼ੀਲਤਾ ਸੁਧਾਰਨ ਵਿੱਚ ਸਹਾਇਕ ਹੈ।

**ਦਿਲ ਦੀ ਸਿਹਤ** : ਪੋਟਾਸ਼ੀਅਮ ਅਤੇ ਮੈਗਨੀਸ਼ੀਅਮ ਖ਼ੂਨ ਦਾ ਦਬਾਅ ਸੰਤੁਲਿਤ ਰੱਖਦੇ ਹਨ ਅਤੇ ਦਿਲ ਦੇ ਰੋਗਾਂ ਦਾ ਜੋਖ਼ਮ ਘੱਟਾਉਂਦੇ ਹਨ।

**ਖ਼ੂਨ ਦੀ ਸਿਹਤ** : ਲੋਹੇ ਅਤੇ ਫੋਲੇਟ ਦੀ ਉਪਲਬਧਤਾ ਨਾਲ ਅਨੀਮੀਆ ਤੋਂ ਬਚਾਅ ਹੁੰਦਾ ਹੈ।

**ਰੋਗ-ਰੋਧਕ ਸ਼ਕਤੀ** : ਐਂਟੀਆਕਸੀਡੈਂਟ ਅਤੇ ਵਿਟਾਮਿਨ ਸਰੀਰ ਦੀ ਰੋਗ-ਰੋਧਕ ਸਮਰੱਥਾ ਵੱਧਾਉਂਦੇ ਹਨ।

**ਹੱਡੀਆਂ ਅਤੇ ਮਾਸਪੇਸ਼ੀਆਂ** : ਕੈਲਸ਼ੀਅਮ, ਵਿਟਾਮਿਨ ਕੇ ਅਤੇ ਪ੍ਰੋਟੀਨ ਹੱਡੀਆਂ ਦੀ ਮਜ਼ਬੂਤੀ ਅਤੇ ਮਾਸਪੇਸ਼ੀ ਸੰਭਾਲ ਵਿੱਚ ਮਦਦਗਾਰ ਹਨ ਕੈਂਸਰ ਰੋਕਥਾਮ ਕੁਝ ਪੁੰਗਰਿਆ ਅਨਾਜ ਕੈਂਸਰ ਵਿੱਚ ਮੌਜੂਦ ਫਾਈਟੋਕੈਮੀਕਲ ਕੋਸ਼ਿਕਾ-ਨੁਕਸਾਨ ਤੋਂ ਸੁਰੱਖਿਆ ਦਿੰਦੇ ਹਨ।

**ਲਾਭ ਅਤੇ ਸੀਮਾਵਾਂ**

**ਲਾਭ** : ਉੱਚ ਪੋਸ਼ਕ ਸੰਘਣਾਪਣ।

ਘੱਟ ਲਾਗਤ ਅਤੇ ਆਸਾਨ ਉਪਲਬਧਤਾ।

ਕੁਦਰਤੀ ਅਤੇ ਟਿਕਾਊ ਸਿਹਤ ਸੰਭਾਲ ਲਈ ਸੁਰੱਖਿਅਤ ਖੁਰਾਕ।

**ਸੀਮਾਵਾਂ** : ਸਫ਼ਾਈ ਦੀ ਘਾਟ ਨਾਲ ਇੰਫੈਕਸ਼ਨ ਦਾ ਖ਼ਤਰਾ।

ਕੱਚਾ ਪੁੰਗਰਿਆ ਅਨਾਜ ਕੁਝ ਲੋਕਾਂ ਵਿੱਚ ਪੇਟ ਵਿੱਚ ਗੈਸ ਪੈਦਾ ਕਰ ਸਕਦਾ ਹੈ।

ਥਾਇਰਾਇਡ ਰੋਗੀਆਂ ਲਈ ਮਾਤਰਾ ਸੀਮਿਤ।

ਸਿਹਤ ਸੰਭਾਲ ਅਤੇ ਜਨ-ਸਿਹਤ ਦ੍ਰਿਸ਼ਟੀਕੋਣ ਤੋਂ ਪੁੰਗਰਿਆ ਅਨਾਜ ਇੱਕ ਸ਼ਕਤੀਸ਼ਾਲੀ ਪਰ ਅਣਡਿੱਠਾ ਖ਼ੁਰਾਕੀ ਸਰੋਤ ਹੈ। ਸਹੀ ਤਰੀਕੇ ਨਾਲ ਤਿਆਰ ਕੀਤਾ ਅਤੇ ਸੰਤੁਲਿਤ ਮਾਤਰਾ ਵਿੱਚ ਵਰਤਿਆ ਗਿਆ ਪੁੰਗਰਿਆ ਅਨਾਜ ਸਿਰਫ਼ ਭੋਜਨ ਨਹੀਂ ਰਹਿੰਦਾ, ਸਗੋਂ ਇੱਕ ਪ੍ਰਭਾਵਸ਼ਾਲੀ ਰੋਗ-ਰੋਕਥਾਮਕ ਸਿਹਤ ਸੰਭਾਲ ਸਾਧਨ ਬਣ ਜਾਂਦਾ ਹੈ। ਰੋਜ਼ਾਨਾ ਖ਼ੁਰਾਕ ਵਿੱਚ ਪੁੰਗਰਿਆ ਅਨਾਜ ਸ਼ਾਮਲ ਕਰਨਾ ਵਿਗਿਆਨਕ ਸੋਚ ਅਤੇ ਸਿਹਤਮੰਦ ਜੀਵਨ ਵੱਲ ਇੱਕ ਮਜ਼ਬੂਤ ਕਦਮ ਹੈ।

**-ਡਾ.ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**













**ਸ਼ਹੀਦ ਭਾਈ ਸਤਵੰਤ ਸਿੰਘ ਸ਼ਹੀਦ ਭਾਈ ਬੇਅੰਤ ਸਿੰਘ ਸ਼ਹੀਦ ਭਾਈ ਕੇਹਰ ਸਿੰਘ ਜੀ ਦੀ ਯਾਦ ਵਿੱਚ 37ਵਾਂ ਸ਼ਹੀਦੀ ਸਮਾਗਮ ਪਿੰਡ ਅਗਵਾਨ ਨੇੜੇ ਡੇਰਾ ਬਾਬਾ ਨਾਨਕ ਬਟਾਲਾ ਵਿਖੇ ਮਾਤਾ ਪਿਆਰ ਕੌਰ ਨੂੰ ਮਿਲਦੇ ਹੋਏ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖ਼ਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਧਰਤੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ

# ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਬੇਅੰਤ ਸਿੰਘ ਜੀ ਦੀ ਸਾਲਾਨਾ ਬਰਸੀ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਈ ਗਈ

















ਅੱਜ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਧਰਤੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਬੇਅੰਤ ਸਿੰਘ ਜੀ ਦੀ ਸਾਲਾਨਾ ਬਰਸੀ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਈ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਦਲ ਖਾਲਸਾ ਦੇ ਆਗੂਆਂ ਅਤੇ ਸਮੂਹ ਸੰਗਤਾਂ ਨੇ ਸ਼ਹੀਦਾਂ ਦੀ ਅਦੁੱਤੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ ਕੀਤਾ। ਇਹਨਾਂ ਸੂਰਬੀਰਾਂ ਨੇ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਹਮਲੇ ਦਾ ਬਦਲਾ ਲੈ ਕੇ ਸਿੱਖ ਇਤਿਹਾਸ ਦੇ ਸੁਨਹਿਰੀ ਪੰਨਿਆਂ ਵਿੱਚ ਆਪਣਾ ਨਾਮ ਦਰਜ ਕਰਵਾਇਆ। ਸਮਾਗਮ ਦੌਰਾਨ ਬੁਲਾਰਿਆਂ ਨੇ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਅਤੇ ਕੌਮੀ ਆਜ਼ਾਦੀ ਦੇ ਸੰਘਰਸ਼ ਨੂੰ ਜਾਰੀ ਰੱਖਣ ਦਾ ਪ੍ਰਣ ਲਿਆ। : ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਜੱਥਿਆਂ ਵੱਲੋਂ ਕੀਰਤਨ ਰਾਹੀਂ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਦਲ ਖਾਲਸਾ ਹਮੇਸ਼ਾ ਆਪਣੇ ਸ਼ਹੀਦਾਂ ਦੀ ਯਾਦ ਅਤੇ ਸਿਧਾਂਤਾਂ 'ਤੇ ਪਹਿਰਾ ਦੇਣ ਲਈ ਵਚਨਬੱਧ ਹਨ।

### ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਜੌਹਲਾਂ ਵਿਖੇ

# ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ





**ਜਲੰਧਰ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਦੁਆਬੇ ਦੇ ਉੱਘੇ ਪਿੰਡ ਜੌਹਲਾਂ ਦੇ ਗੁਰਦੁਆਰਾ ਸਿੰਘ ਸਭਾ (ਫਿਰਨੀਵਾਲਾ) ਵਿਖੇ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਦੀ ਖੁਸ਼ੀ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ ਦਿਆਲ ਸਿੰਘ ਨੇ ਦੱਸਿਆ ਕਿ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ, ਦੀਵਾਨ ਸਜੇ ਅਤੇ ਬਾਅਦ ਦੁਪਹਿਰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਪੰਥ ਦੇ ਸਿਰਮੌਰ ਢਾਡੀ ਜੱਥੇ ਗਿਆਨੀ ਦਵਿੰਦਰ ਸਿੰਘ ਉੱਦਮੀ ਦੇ ਜੱਥੇ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ, ਰਚਨਾ ਅਤੇ ਉਨ੍ਹਾਂ ਦੇ ਪਰਉਪਕਾਰੀ ਕਾਰਜਾਂ ਨੂੰ ਢਾਡੀ ਵਾਰਾਂ ਰਾਹੀਂ ਸਰਵਣ ਕਰਾਇਆ। ਨਗਰ ਕੀਰਤਨ ਵਿੱਚ ਸੰਤ ਬਾਬਾ ਹਰਜਿੰਦਰ ਸਿੰਘ ਜੀ ਚਾਹ ਵਾਲਿਆਂ ਨੇ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਨਗਰ ਕੀਰਤਨ ਤੋਂ ਇੱਕ ਦਿਨ ਪਹਿਲਾਂ ਸੰਤ ਬਾਬਾ ਜੀਤ ਸਿੰਘ ਜੀ ਮੁਖੀ, ਨਿਰਮਲ ਕੁਟੀਆ ਜੌਹਲਾਂ ਵਾਲਿਆਂ ਨੇ ਵੀ ਆਪਣੇ ਜਥੇ ਸਮੇਤ ਹਾਜ਼ਰੀ ਭਰ ਕੇ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ। ਇਸ ਮੌਕੇ ਸਿੱਖ ਪੰਥ ਦੇ ਮਹਾਨ ਵਿਦਵਾਨ ਅਤੇ ਲੇਖਕ ਸ. ਭਗਵਾਨ ਸਿੰਘ ਜੌਹਲ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਲਿਦਾਨੀ ਸੋਚ, ਖ਼ਾਲਸਾ ਪੰਥ ਦੀ ਸਿਰਜਣਾ ਅਤੇ ਮਨੁੱਖਤਾ ਲਈ ਦਿੱਤੇ ਅਮੋਲਕ ਸੰਦੇਸ਼ਾਂ ਉੱਤੇ ਪ੍ਰਕਾਸ਼ ਪਾਉਂਦਿਆਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਇੱਕ ਮਹਾਨ ਯੋਧਾ ਹੀ ਨਹੀਂ, ਸਗੋਂ ਉੱਚ ਕੋਟੀ ਦੇ ਕਵੀ ਅਤੇ ਦਰਸ਼ਿਨਕ ਵੀ ਸਨ। ਉਨ੍ਹਾਂ ਦੀ ਰਚਨਾ ਦਸਮ ਗ੍ਰੰਥ ਵਿੱਚ ਮਿਲਦੀ ਹੈ, ਜਿਸ ਵਿੱਚ ਚੰਡੀ ਦੀ ਵਾਰ, ਜਾਪ ਸਾਹਿਬ ਅਤੇ ਅਕਾਲ ਉਸਤਤ ਵਰਗੀਆਂ ਰਚਨਾਵਾਂ ਸ਼ਾਮਲ ਹਨ। ਉਨ੍ਹਾਂ ਨੇ ਲੋਕਾਂ ਨੂੰ ਨਿਰਭੈ ਹੋ ਕੇ ਸੱਚ ਦਾ ਸਾਥ ਦੇਣ ਦੀ ਪ੍ਰੇਰਣਾ ਦਿੱਤੀ। ਗੁਰੂ ਸਾਹਿਬ ਦੀ ਸੋਚ ਅੱਜ ਦੇ ਸਮਾਜ ਲਈ ਵੀ ਉਤਨੀ ਹੀ ਪ੍ਰਸੰਗਿਕ ਹੈ ਕਿਉਂਕਿ ਗੁਰੂ ਗੋਬਿੰਦ ਸਿੰਘ ਜੀ ਦੀ ਸਿੱਖਿਆ ਅੱਜ ਵੀ ਸਾਨੂੰ ਨਿਡਰਤਾ, ਸੇਵਾ ਅਤੇ ਮਨੁੱਖਤਾ ਦੇ ਰਾਹ 'ਤੇ ਚਲਣ ਦੀ ਪ੍ਰੇਰਣਾ ਦਿੰਦੀ ਹੈ। ਇਸ ਮੌਕੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ ਰਾਹੀਂ ਗੁਰੂ ਸਾਹਿਬ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕੀਤੀ।

### ਸਿੱਖ ਪੰਥ ਦੇ ਮਹਾਨ ਵਿਦਵਾਨ ਤੇ ਧਾਰਮਿਕ ਲਿਖਾਰੀ ਸ ਭਗਵਾਨ ਸਿੰਘ ਜੌਹਲ ਦਾ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ

ਇਸ ਮੌਕੇ ਸਿੱਖ ਪੰਥ ਦੇ ਮਹਾਨ ਵਿਦਵਾਨ ਤੇ ਧਾਰਮਿਕ ਲਿਖਾਰੀ ਸ ਭਗਵਾਨ ਸਿੰਘ ਜੌਹਲ ਨੂੰ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਪ੍ਰੋਫ਼ੈਸਰ ਮਨਜਿੰਦਰ ਸਿੰਘ ਜੌਹਲ ਦੁਆਰਾ ਬਾਖ਼ੂਬੀ ਨਿਭਾਈ ਗਈ ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਿਆਲ ਸਿੰਘ, ਭਾਈ ਕੁਲਦੀਪ ਸਿੰਘ ਜੰਡੂਸਿੰਘਾ ਵਾਲੇ, ਪ੍ਰੀਤਮ ਸਿੰਘ ਭੱਟੀ, ਨੰਬਰਦਾਰ ਪਰਮਜੀਤ ਸਿੰਘ, ਰਣਜੀਤ ਸਿੰਘ ਭੱਟੀ, ਗੁਰਮੀਤ ਸਿੰਘ, ਰਜਿੰਦਰ ਸਿੰਘ, ਮਹਿੰਗਾ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਨਗਰ ਤੇ ਆਸ-ਪਾਸ ਦੇ ਪਿੰਡਾਂ ਦੀ ਸੰਗਤ ਮੌਜੂਦ ਸੀ।

### ਗੁਰੂ ਦੀ ਬਖਸ਼ਿਸ਼ ਤੋਂ ਬਿਨ੍ਹਾ ਕਿਸੇ ਮੰਜਲ ਤੇ ਨਹੀਂ ਪਹੁੰਚਿਆ ਜਾ ਸਕਦਾ—ਗਿਆਨੀ ਜਗਤਾਰ ਸਿੰਘ

# ਕਿਸੇ ਜੀਵ ਦੀ ਤਰੱਕੀ ਵਿਚ ਅਰਦਾਸ ਤੇ ਸ਼ਰਧਾ ਦਾ ਵਿਸ਼ੇਸ਼ ਰੋਲ ਹੁੰਦੈ

ਫ਼ਿਰੋਜ਼ਪੁਰ, 06 ਜਨਵਰੀ (ਮਨੋਹਰ ਲਾਲ) :— ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜ਼ੋ ਕਿ ਪੰਥ ਦੇ ਇਕ ਸਿਰਮੌਰ ਕਥਾਵਾਚਕ ਵੀ ਹਨ ਨੇ ਸਪੱਸ਼ਟ ਕੀਤਾ ਹੈ ਕਿ ਮੈਂ ਅੱਜ ਜ਼ੋ ਵੀ ਹਾਂ ਗੁਰੂ ਦੀਆਂ ਬਖਸ਼ਿਸ਼ਾਂ ਅਤੇ ਸੰਗਤਾਂ ਦੀਆਂ ਅਸੀਸਾਂ ਸਦਕਾ ਹੀ ਹਾਂ। ਸਿੱਖ ਸਾਹਿਬ ਜ਼ੋ ਕਿ ਇਕ ਸਮਾਗਮ ਵਿਚ ਹਿੱਸਾ ਲੈਣ ਲਈ ਫ਼ਿਰੋਜ਼ਪੁਰ ਆਏ ਸਨ, ਆਪਣੇ ਪੁਰਾਣੇ ਸਾਥੀ ਫੈਡਰੇਸ਼ਨ ਮਹਿਤਾ ਦੇ ਆਗੂ ਭਾਈ ਜ਼ਸਪਾਲ ਸਿੰਘ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ ।ਉਨ੍ਹਾਂ ਦੱਸਿਆ ਕਿ 1956 ਵਿਚ ਉਨ੍ਹਾਂ ਦਾ ਜਨਮ ਹਰਿਆਣਾ ਦੇ ਪਿੰਡ ਸ਼ਾਹਬਾਦ ਮਾਰਕੰਡਾ ਵਿਖੇ ਹੋਇਆ। ਆਪਣੇ ਪਿੰਡ ਵਿਚ ਮੁੱਢਲੀ ਪੜ੍ਹਾਈ ਕਰਨ ਉਪਰੰਤ ਉਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਗਿਆਨੀ ਦੀ ਡਿਗਰੀ ਹਾਸਲ ਕੀਤੀ ਤੇ ਕੁਝ ਸਮਾਂ ਲੁਧਿਆਣਾ ਦੇ ਮਾਡਲ ਟਾਊਨ ਐਕਸਟੈਸ਼ਨ ਦੇ ਗੁਰਦੁਆਰਾ ਸਾਹਿਬ ਵਿਖੇ ਸੇਵਾ ਕੀਤੀ ਅਤੇ ਇਸ ਤੋਂ ਉਪਰੰਤ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮੁੱਖ ਗ੍ਰੰਥੀ ਦੀ ਸੇਵਾ ਨਿਭਾਉਣ ਲੱਗੇ ਅਤੇ ਗਿਆਨੀ ਦੀ ਡਿਗਰੀ ਹਾਸਲ ਹੋਣ ਕਰਕੇ ਕਥਾ ਦਾ ਪ੍ਰਵਾਹ ਵੀ ਨਾਲ—ਨਾਲ ਚਲਦਾ ਰਿਹਾ, ਜਿਸ ਤੇ ਸੰਗਤਾਂ ਨੇ ਬਹੁਤ ਮਾਣ ਬਖਸ਼ਿਆ, 2011 ਤੋਂ ਇਹ ਸੇਵਾ ਨਿਭਾਉਣ ਉਪਰੰਤ 2023 ਵਿਚ ਉਹ ਸੇਵਾ ਮੁਕਤ ਹੋ ਗਏ ਅਤੇ ਲੁਧਿਆਣਾ ਵਿਖੇ ਹੀ ਉਨ੍ਹਾਂ ਨੇ ਆਪਣੀ ਪੱਕੀ ਰਿਹਾਇਸ਼ ਰੱਖ ਲਈ। ਉਨ੍ਹਾਂ ਦੱਸਿਆ ਕਿ ਗੁਰੂ ਦੀ ਬਖਸ਼ਿਸ਼ ਸੱਚੇ ਦਿਲੋ ਕੀਤੀ ਅਰਦਾਸ ਤੋਂ ਪ੍ਰਾਪਤ ਹੁੰਦੀ ਹੈ ਅਤੇ ਸੰਗਤਾਂ ਦੀਆਂ ਅਸੀਸਾਂ ਅਤੇ ਗੁਰੂ ਵਿਚ ਸ਼ਰਧਾ ਰੱਖਣ ਵਾਲਿਆਂ ਨੂੰ ਹਰ ਮੰਜਲ ਦੀ ਪ੍ਰਾਪਤੀ ਹੋ ਜਾਂਦੀ ਹੈ। ਇਸ ਸਮੇਂ ਫੈਡਰੇਸ਼ਨ ਮਹਿਤਾ ਦੇ ਆਗੂ ਭਾਈ ਜ਼ਸਪਾਲ ਸਿੰਘ, ਦਲਜੀਤ ਸਿੰਘ ਸਾਬਕਾ ਕੌਂਸਲਰ, ਹਰਪਿੰਦਰ ਸਿੰਘ, ਪਰਮਿੰਦਰ ਸਿੰਘ, ਗੁਰਜੀਤ ਸਿੰਘ ਅਤੇ ਹਰਜਿੰਦਰ ਸਿੰਘ, ਜ਼ਸਪ੍ਰੀਤ ਸਿੰਘ ਆਦਿ ਆਗੂ ਹਾਜ਼ਰ ਸਨ।





ਪੰਜਾਬ ਦੀ ਉੱਘੀ ਧਾਰਮਿਕ ਸ਼ਖਸੀਅਤ ਸੰਤ ਬਾਬਾ ਹਰਨਾਮ ਸਿੰਘ ਰਾਮਪੁਰ ਖੇੜੇ ਵਾਲਿਆਂ ਦੀ 43ਵੀਂ ਯਾਦ ਵਿੱਚ ਹੋਏ ਗੁਰਮਤਿ ਸਮਾਗਮ ਦੌਰਾਨ ਉੱਘੀਆਂ ਧਾਰਮਿਕ ਸ਼ਖਸੀਅਤਾਂ ਸੰਤ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ, ਪ੍ਰਸਿੱਧ ਚਿੰਤਕ ਤੇ ਪੰਥਕ ਬੁਲਾਰੇ ਸ. ਭਗਵਾਨ ਸਿੰਘ ਜੌਹਲ, ਨਿਰਮਲੇ ਮਹਾਂਪੁਰਸ਼ ਸੰਤ ਤੇਜਾ ਸਿੰਘ ਖੁੱਡੇ ਵਾਲਿਆਂ ਦਾ ਸਨਮਾਨ ਕਰਦੇ ਹੋਏ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜੇ ਵਾਲੇ।

ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ

***********************************************************************

# ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਰਜਿ. (ਦਿੱਲੀ) ਦੀ 25ਵੀਂ ਵਰੇਗੰਡ ਧੂਮਧਾਮ ਨਾਲ ਮਨਾਈ ਗਈ






ਨਵੀਂ ਦਿੱਲੀ 6 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਬੀਤੇ ਦਿਨੀਂ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਰਜਿ. ਨਵੀਂ ਦਿੱਲੀ ਦੀ 25ਵੀਂ ਸਥਾਪਨਾ ਦਿਵਸ ਨੂੰ ਫੈਡਰੇਸ਼ਨ ਦਫ਼ਤਰ ਹਰੀ ਨਗਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਫੈਡਰੇਸ਼ਨ ਦੇ ਪ੍ਰਧਾਨ ਸ੍ਰ. ਸੁਖਦੇਵ ਸਿੰਘ ਰਿਐਤ, ਜਨਰਲ ਸਕੱਤਰ ਸ੍ਰ. ਕੁਲਵੰਤ ਸਿੰਘ ਖਾਲਸਾ, ਚੀਫ ਐਡੀਟਰ ਸ੍ਰ. ਮਲਕੀਤ ਸਿੰਘ ਸੋਂਧ, ਕੈਸ਼ੀਅਰ ਸ੍ਰ.ਪਰਮਜੀਤ ਸਿੰਘ ਵਿਰਦੀ, ਰਾਮਗੜ੍ਹੀਆ ਬੈਂਕ ਦੇ ਚੇਅਰਮੈਨ ਬੀਬੀ ਰਣਜੀਤ ਕੌਰ, ਸ੍ਰ. ਮੁਹਿੰਦਰ ਸਿੰਘ ਭੁੱਲਰ, ਸ੍ਰ. ਤੇਜਪਾਲ ਸਿੰਘ ਜਗਦੇਵ, ਸ੍ਰ. ਸੁਰਜੀਤ ਸਿੰਘ ਵਿਲਖੂ ਤੋਂ ਇਲਾਵਾਂ ਸ੍ਰ. ਬਲਜੀਤ ਸਿੰਘ, ਸ੍ਰ. ਸਰਬਜੀਤ ਸਿੰਘ ਹੂੰਜਨ, ਸ੍ਰ.ਕਰਮ ਸਿੰਘ ਹਾਪੜ, ਸ੍ਰ. ਤ੍ਰਿਲੋਚਨ ਸਿੰਘ ਡੋਲਾ, ਸ੍ਰ. ਰਾਜ ਕਿਰਨ ਸਿੰਘ ਜਲੰਧਰ, ਸ੍ਰ.ਹਰਚਰਨ ਸਿੰਘ ਧੰਮੂ ਪਾਣੀਪਤ, ਸ੍ਰ.ਭੁਪਿੰਦਰ ਸਿੰਘ ਜੰਡ ਸੋਨੀਪਤ, ਸ੍ਰ. ਅੰਗਰੇਜ਼ ਸਿੰਘ ਪੰਨੂ ਕਰਨਾਲ, ਸ੍ਰ. ਐਮ.ਪੀ ਸਿੰਘ ਪਾਣੀਪਤ, ਸ੍ਰ.ਵਿਕਰਮ ਸਿੰਘ ਪਾਣੀਪਤ, ਵਿਸ਼ਵਕਰਮਾ ਵਿਗਿਆਨ ਵਿਦਿਆ ਮੰਦਿਰ ਗੋਬਿੰਦਪੁਰੀ ਦੇ ਪ੍ਰਧਾਨ ਸ੍ਰ. ਹਰਦੀਪ ਸਿੰਘ ਮਣਕੂ, ਜਨਰਲ ਸਕੱਤਰ ਸ੍ਰ. ਹਰਦਿਆਲ ਸਿੰਘ, ਸਿੱਖ ਬੰਧੂ ਵੈਲਫੇਅਰ ਟਰੱਸਟ ਦੇ ਪ੍ਰਧਾਨ ਸ੍ਰ. ਜਸਵਿੰਦਰ ਸਿੰਘ ਰਿਐਤ, ਐਸ.ਕੇ ਐਮਪੋਰੀਓ ਸ੍ਰ. ਸੰਤੋਖ ਸਿੰਘ ਅਤੇ ਕਈ ਹੋਰ ਜਾਨੀ ਮਾਨੀ ਹਸਤੀਆਂ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ।

ਸ੍ਰ. ਹਰਚਰਨ ਸਿੰਘ ਧੰਮੂ, ਸ੍ਰ.ਰਾਜਕਿਰਨ ਸਿੰਘ, ਬੀਬੀ ਰਣਜੀਤ ਕੌਰ, ਸ੍ਰ. ਕਰਮ ਸਿੰਘ ਹਾਪੜ, ਸ੍ਰ. ਮਲਕੀਤ ਸਿੰਘ ਸੋਂਧ, ਸ੍ਰ. ਸੁਰਜੀਤ ਸਿੰਘ ਵਿਲਖੂ, ਸ੍ਰ. ਤੇਜਪਾਲ ਸਿੰਘ ਜਗਦੇਵ ਅਤੇ ਸ੍ਰ. ਅੰਗਰੇਜ ਸਿੰਘ ਪੰਨੂ ਜੀ ਨੇ ਫੈਡਰੇਸ਼ਨ ਦੀਆਂ ਕਾਰਗੁਜਾਰੀਆਂ ਉਪਰ ਆਪਣੇ-ਆਪਣੇ ਵਿਚਾਰਾਂ ਰੱਖੇ। ਉਸ ਤੋਂ ਉਪਰੰਤ ਪ੍ਰਧਾਨ ਸ੍ਰ. ਸੁਖਦੇਵ ਸਿੰਘ ਰਿਐਤ ਜੀ ਨੇ ਆਏ ਮਹਿਮਾਨਾਂ ਦਾ ਸੁਆਗਤ ਅਤੇ ਧੰਨਵਾਦ ਕੀਤਾ ਅਤੇ ਫੈਡਰੇਸ਼ਨ ਦੀ ਯਾਤਰਾ ਦੇ 25 ਸਾਲ ਪੂਰੇ ਹੋਣ ਤੇ ਸਾਰੀ ਰਾਮਗੜ੍ਹੀਆ ਬਰਾਦਰੀ ਅਤੇ ਸਿੱਖ ਸੰਗਤ ਨੂੰ ਵਧਾਈ ਦਿੱਤੀ ।ਸ੍ਰ. ਸੁਖਦੇਵ ਸਿੰਘ ਰਿਐਤ ਨੇ ਦੱਸਿਆ ਕਿ ਸ੍ਰ. ਜਗਜੀਤ ਸਿੰਘ ਰੀਹਲ, ਸ੍ਰ. ਰੇਸ਼ਮ ਸਿੰਘ ਮਠਾਰੂ, ਜਥੇਦਾਰ ਅਵਤਾਰ ਸਿੰਘ ਹਿੱਤ, ਸ੍ਰ, ਹਰਬੰਸ ਸਿੰਘ ਵਿਰਦੀ, ਸ੍ਰ.ਸਵਰਨ ਸਿੰਘ ਹੂੰਜਨ ਅਤੇ ਦੇਸ਼-ਵਿਦੇਸ਼ ਦੇ ਚੁਨਿਦਾ ਰਾਮਗੜ੍ਹੀਆ ਬਜੁਰਗਾਂ ਨੇ ਇਹ ਸੰਸਥਾਂ ਦੀ ਸਥਾਪਨਾ ਕੀਤੀ। ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਇਸ ਪਲੇਟਫਾਰਮ ਤੇ ਇਕੱਠੇ ਹੋ ਕੇ ਇਸਦਾ ਲਾਭ ਲਈਏ ।ਸ੍ਰ. ਸੁਖਦੇਵ ਸਿੰਘ ਰਿਐਤ ਜੀ ਨੇ ਦੱਸਿਆ ਕਿ ਵਰਤਮਾਨ ਵਿੱਚ ਫੈਡਰੇਸ਼ਨ ਇਕ 15 ਰੋਜ਼ਾ ਪੇਪਰ ਕਢਦੀ ਹੈ, ਰਿਸ਼ਤਿਆਂ ਦੀ ਸੇਵਾ ਕਰਦੀ ਹੈ, ਲੀਗਲ, ਟੈਕਸ, ਮੈਡੀਕਲ ਅਤੇ ਕਾਨੂੰਨੀ ਜਨਰਲ ਸਲਾਹ ਰਾਹੀਂ ਬਰਾਦਰੀ ਦੇ ਸਮਲੇ ਹਲ ਕਰਕੇ ਬਰਾਦਰੀ ਦੀ ਸੇਵਾ ਕਰਦੀ ਹੈ। ਪ੍ਰਬੰਧਕਾਂ ਵਲੋਂ ਆਏ ਹੋਏ ਮਹਿਮਾਨਾ ਲਈ ਖਾਣ ਪੀਣ ਦਾ ਵਧੀਆ ਇੰਤਜਾਮ ਕੀਤਾ ਗਿਆ ਸੀ।

ਜਥੇਦਾਰ ਵੱਲੋਂ ਮੁੱਖ ਮੰਤਰੀ ਨੂੰ 15 ਜਨਵਰੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਟ ਸਪਸ਼ਟੀਕਰਨ ਲਈ ਸੱਦਿਆ

# ਮੁੱਖ ਮੰਤਰੀ ਦਾ ਜਾਣਾ ਤਹਿ, ਇਹ ਪੇਸ਼ੀ ਲੋਕਾਂ ਦੀ ਕਚਹਿਰੀ ’ਚ ਲਾਈਵ ਦਿਖਾਈ ਜਾਵੇ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 6 ਜਨਵਰੀ ( ਕੁਲਵੰਤ ਸਿੰਘ ਵਿਰਦੀ )-** ਬਾਦਲਕਿਆਂ ਦੇ ਕਹਿਣ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਥੇਦਾਰ ਸਾਹਿਬ ਨੇ ਸਿੱਖ ਵਿਰੋਧੀ ਗਤੀਵਿਧੀਆਂ ਦੇ ਦੋਸ਼ਾਂ ਕਰਕੇ ਅਕਾਲਤਖਤ ਸਾਹਿਬ ਤੇ ਤਲਬ ਕਰਨ ਦੀ ਬਜਾਏ ਪਤਿਤ ਹੋਣ ਕਰਕੇ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਸਪੱਸ਼ਟੀਕਰਨ ਲਈ 15 ਜਨਵਰੀ ਨੂੰ ਤਲਬ ਕੀਤਾ ਹੈ, ਮੁੱਖ ਮੰਤਰੀ ਸ੍ਰ ਮਾਨ ਨੇ ਇਸ ਹੁਕਮ ਨੂੰ ਪ੍ਰਵਾਨ ਕਰਦਿਆਂ ਇੱਕ ਨਿਮਾਣੇ ਸਿੱਖ ਵਜੋਂ ਨੰਗੇ ਪੈਰੀਂ ਚੱਲ ਕੇ ਜਾਣ ਦਾ ਐਲਾਨ ਕਰ ਦਿੱਤਾ ਹੈ, ਬਹੁਤ ਸਾਰੇ ਸਿੱਖ ਵਿਦਵਾਨ ਇਸ ਸੰਵੇਦਨਸ਼ੀਲ ਮਾਮਲੇ ਨੂੰ ਸਰਕਾਰ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਗ਼ਾਇਬ ਮਾਮਲੇ ’ਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਥੇਦਾਰ ਸਾਹਿਬ ਵੱਲੋਂ ਰੱਖੀ ਇਨਕੁਆਰੀ ’ਚ ਦੋਸ਼ੀ ਸਾਬਤ ਹੋਏ ਤੇ ਹੁਣ ਗ੍ਰਿਫ਼ਤਾਰ ਕੀਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸੀਏ ਸਤਿੰਦਰ ਕੋਹਲੀ ਨੂੰ ਬਚਾਉਣ ਦਾ ਹਿੱਸਾ ਦੱਸ ਰਹੇ ਹਨ, ਕਿਉਂਕਿ ਉਹ ਸਤਿੰਦਰ ਕੋਹਲੀ ਬਾਦਲਕਿਆਂ ਦਾ ਖਾਸਮਖਾਸ ਹੈ ਅਤੇ ਕਰੋੜਾਂ ਅਰਬਾ ਰੁਪਏ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਾਦਲਾਂ ਦੇ ਪੈਸਿਆਂ ਦਾ ਹਿਸਾਬ ਕਿਤਾਬ ਰੱਖਦਾ ਰਿਹਾ ਸੀ ਅਤੇ ਜਾਂਚ ਦੌਰਾਨ ਹੋਰ ਕਈ ਖੁਲਾਸੇ ਵੀ ਸਹਾਮਣੇ ਆ ਸਕਦੇ ਹਨ ਇਸ ਕਰਕੇ ਮੁੱਖ ਮੰਤਰੀ ਮਾਨ ਨੂੰ ਤਲਬ ਤਾਂ ਗੁਰੂ ਗ੍ਰੰਥ ਸਾਹਿਬ ਮਾਮਲੇ ’ਚ ਦੋਸ਼ੀ ਸੀ ਏ ਸਤਿੰਦਰ ਕੋਹਲੀ ਨੂੰ ਗਿਰਫ਼ਤਾਰ ਕਰਨ ਕਰਕੇ ਬਾਦਲਕਿਆਂ ਦੇ ਕਹਿਣ ਤੇ ਕੀਤਾ ਗਿਆ ਅਤੇ ਪਤਿਤ ਹੋਣ ਕਰਕੇ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕਰਨ ਦੀ ਬਜਾਏ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਸਪਸ਼ਟੀਕਰਨ ਦੇਣ ਲਈ ਤਲਬ ਕੀਤਾ ਗਿਆ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਮੁੱਖ ਮੰਤਰੀ ਸ੍ਰ ਮਾਨ ਨੂੰ ਬਾਦਲਾਂ ਦੇ ਕਹਿਣ ਤੇ ਤਲਬ ਕਰਨ ਵਾਲੀ ਜਥੇਦਾਰ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਨੀਤੀ ਤੇ ਸ਼ੰਕਾ ਕਰਦੀ ਹੋਈ ਜਥੇਦਾਰ ਸਾਹਿਬ ਨੂੰ ਬੇਨਤੀ ਕਰਦੀ ਹੈ ਕਿ ਉਹਨਾਂ ਦੀ ਨਿਯੁਕਤੀ ਬਾਦਲਾ ਨੇ ਗੈਰ ਸਿਧਾਂਤਕ ਗੈਰ ਮਰਯਾਦਾ ਰਾਤ ਦੇ ਹਨੇਰੇ ਵਿੱਚ ਇਸੇ ਕਰਕੇ ਕਰਵਾਈ ਸੀ, ਤਾਂ ਆਪਣੇ ਸਾਰੇ ਚੰਗੇ ਮਾੜੇ ਸਿੱਖ ਵਿਰੋਧੀ ਕੰਮਾਂ ਲਈ ਜਥੇਦਾਰ ਨੂੰ ਵਰਤਿਆ ਜਾ ਸਕੇ ਅਤੇ ਹੁਣ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੂੰ ਤਲਬ ਕਰਨਾ ਵੀ ਇਸ ਕੜੀ ਦਾ ਹਿੱਸਾ ਹੈ, ਕਿਉਂਕਿ ਇਸ ਤੋਂ ਪਹਿਲਾ ਵੀ ਸਰਸੇ ਵਾਲੇ ਸਾਧ ਨੂੰ ਮੁਵਾਫੀਦੇਣ ਤੇ ਕਈ ਹੋਰ ਮਸਲਿਆਂ ’ਚ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਵਰਤੋਂ ਕੀਤੀ ਜਾਂਦੀ ਰਹੀ ਜੋ ਅਜ ਵੀ ਲਗਾਤਾਰ ਜਾਰੀ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਅਕਾਲਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੂੰ ਤਲਬ ਕਰਨ ਵਾਲੀ ਨੀਤੀ ਤੇ ਸ਼ੰਕਾ ਅਤੇ ਜਥੇਦਾਰ ਸਾਹਿਬ ਨੂੰ ਬਾਦਲਾਂ ਨੂੰ ਬਚਾਉਣ ਵਾਲੀ ਨੀਤੀ ਛੱਡ ਕੇ ਸਿੱਖੀ ਸਿਧਾਂਤਾਂ ਦੀ ਰਾਖੀ ਕਰਨ ਲਈ ਪਹਿਰਾ ਦੇਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਦੱਸਿਆ ਅਸੀਂ ਇਹ ਬਿਲਕੁਲ ਮੰਨਦੇ ਹਾਂ ਕਿ ਸਰਕਾਰ ਦੀਆਂ ਗਤੀਵਿਧੀਆਂ ਪਿਛਲੇ ਦਿਨੀਂ ਸਿੱਖੀ ਸਿਧਾਂਤਾਂ ਤੇ ਸਿੱਖ ਮਰਯਾਦਾ ਦੇ ਅਨਕੂਲ ਨਹੀਂ ? ਪਰ ਇਹ ਵੀ ਕਿਸੇ ਤੋਂ ਲੁਕਿਆ ਛਿਪਿਆ ਨਹੀਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਿਨਾਂ ਇਲੈਕਸ਼ਨ ਗੈਰ ਕਾਨੂੰਨੀ ਢੰਗ ਤੇ ਭਾਜਪਾਈਆਂ ਦੀ ਮਿਲੀਭੁਗਤ ਨਾਲ ਜਬਰੀ ਕਬਜ਼ਾ ਕਰੀ ਬੈਠੇ ਬਾਦਲ ਕੇ ਆਪਣੇ ਨਿੱਜੀ ਹਿੱਤਾਂ ਲਈ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਵਰਤਦੇ ਆਏ ਹਨ ਅਤੇ ਹੁਣ ਵੀ ਬਾਦਲ ਕੇ ਸਰਕਾਰ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਲਾਪਤਾ ਕਰਨ ਮਾਮਲੇ ’ਚ ਗ੍ਰਿਫਤਾਰ ਕੀਤੇ ਸਾਬਕਾ ਸੀ ਏ ਸਤਿੰਦਰ ਕੋਹਲੀ ਦੀ ਗਿਰਫਤਾਰੀ ਤੋਂ ਦੁਖੀ ਹੋਏ ਵੱਡੀ ਘਬਰਾਹਟ ਵਿਚ ਹਨ ਤੇ ਜਥੇਦਾਰ ਨੂੰ ਵਰਤਿਆ ਜਾ ਰਿਹਾ ਹੈ, ਇਸ ਕਰਕੇ ਸਰਕਾਰ ਨੂੰ ਦਬਾਉਣ ਲਈ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਨੂੰ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਤੇ ਸਪੱਸ਼ਟੀਕਰਨ ਦੇਣ ਲਈ ਸੱਦਿਆ ਗਿਆ ਹੈ, ਭਾਈ ਖਾਲਸਾ ਨੇ ਦੱਸਿਆ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਲਈ ਇਹ ਮਸਲਾ ਗੁੰਝਲਦਾਰ ਵੀ ਬਣ ਸਕਦਾ ਹੈ ਕਿਉਂਕਿ ਸਪੱਸ਼ਟੀਕਰਨ ਵਿਚ ਭਗਵੰਤ ਮਾਨ ਵੀ ਆਪਣਾ ਪੱਖ ਪੇਸ਼ ਕਰ ਸਕਦੇ ਹਨ ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਮੰਗ ਕਰਦੀ ਹੈ ਕਿ ਮੁੱਖ ਮੰਤਰੀ ਦੀ ਸਕੱਤਰੇਤ ਵਿਖੇ ਹੋਈ ਸਪੱਸ਼ਟੀਕਰਨ ਪੁੱਛਗਿੱਛ ਦਾ ਸਿਧਾ ਪ੍ਰਸਾਰਣ ਲਾਈਵ ਦਿਖਾਇਆ ਜਾਵੇ ਤਾਂ ਕਿ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਇਸ ਦਾ ਸਾਰਾ ਪਤਾ ਲੱਗ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਅਪਰਾਧ ਦੀ ਗੰਭੀਰਤਾ ਤੇਜ਼ ਸੁਣਵਾਈ ਦਾ ਅਧਿਕਾਰ ਨਹੀਂ ਰੋਕ ਸਕਦੀ

# ਲੰਬੇ ਸਮੇਂ ਤੱਕ ਮੁਕੱਦਮੇ ਤੋਂ ਪਹਿਲਾਂ ਹਿਰਾਸਤ ਬਣ ਜਾਂਦੀ ਹੈ ਸਜ਼ਾ: ਸੁਪਰੀਮ ਕੋਰਟ



ਨਵੀਂ ਦਿੱਲੀ 6 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਅਦਾਲਤ ਨੇ ਜਾਵੇਦ ਗੁਲਾਮ ਨਬੀ ਸ਼ੇਖ ਬਨਾਮ ਮਹਾਰਾਸ਼ਟਰ ਰਾਜ ਦੇ ਫੈਸਲੇ ’ਤੇ ਭਰੋਸਾ ਕਰਦੇ ਹੋਏ ਇਸ ਗੱਲ ’ ਤੇ ਜ਼ੋਰ ਦਿੱਤਾ ਕਿ ਜੇਕਰ ਰਾਜ, ਕੋਈ ਵੀ ਮੁਕੱਦਮਾ ਚਲਾਉਣ ਵਾਲੀ ਏਜੰਸੀ, ਜਾਂ ਇੱਥੋਂ ਤੱਕ ਕਿ ਸਬੰਧਤ ਅਦਾਲਤ ਕੋਲ ਧਾਰਾ 21 ਦੇ ਤਹਿਤ ਕਿਸੇ ਦੋਸ਼ੀ ਦੇ ਤੇਜ਼ ਮੁਕੱਦਮੇ ਦੇ ਮੌਲਿਕ ਅਧਿਕਾਰ ਨੂੰ ਸੁਰੱਖਿਅਤ ਕਰਨ ਜਾਂ ਸੁਰੱਖਿਅਤ ਕਰਨ ਦਾ ਕੋਈ ਸਾਧਨ ਨਹੀਂ ਹੈ, ਤਾਂ ਰਾਜ ਜਾਂ ਅਜਿਹੀ ਏਜੰਸੀ ਸਿਰਫ਼ ਇਸ ਆਧਾਰ ’ਤੇ ਜ਼ਮਾਨਤ ਦੀ ਅਰਜ਼ੀ ਦਾ ਵਿਰੋਧ ਨਹੀਂ ਕਰ ਸਕਦੀ ਕਿ ਕਥਿਤ ਅਪਰਾਧ ਗੰਭੀਰ ਹੈ। ਅਪੀਲ ਨੂੰ ਮਨਜ਼ੂਰੀ ਦਿੰਦੇ ਹੋਏ ਅਤੇ ਦਿੱਲੀ ਹਾਈ ਕੋਰਟ ਦੇ ਜ਼ਮਾਨਤ ਰੱਦ ਕਰਨ ਦੇ ਹੁਕਮ ਨੂੰ ਰੱਦ ਕਰਦੇ ਹੋਏ, ਜਸਟਿਸ ਆਲੋਕ ਅਰਾਧੇ ਅਤੇ ਜਸਟਿਸ ਸੰਜੇ ਕੁਮਾਰ ਦੇ ਬੈਂਚ ਨੇ ਮਨੀ ਲਾਂਡਰਿੰਗ ਰੋਕਥਾਮ ਐਕਟ, 2002 ਦੇ ਤਹਿਤ ਇਨਫੋਰਸਮੈਂਟ ਡਾਇਰੈਕਟੋਰੇਟ ਦੁਆਰਾ ਸ਼ੁਰੂ ਕੀਤੀ ਗਈ ਕਾਰਵਾਈ ਵਿੱਚ ਧਾਮ ਨੂੰ ਜ਼ਮਾਨਤ ’ਤੇ ਰਿਹਾਅ ਕਰਨ ਦਾ ਹੁਕਮ ਦਿੱਤਾ। ਧਾਮ 9 ਜੁਲਾਈ, 2024 ਤੋਂ ਹਿਰਾਸਤ ਵਿੱਚ ਹੈ। ਅਦਾਲਤ ਨੇ ਨੋਟ ਕੀਤਾ ਕਿ ਹਾਲਾਂਕਿ ਇਸਤਗਾਸਾ ਪੱਖ ਦੀਆਂ ਸ਼ਿਕਾਇਤਾਂ ਦਾਇਰ ਕੀਤੀਆਂ ਗਈਆਂ ਸਨ, ਪਰ ਅਜੇ ਤੱਕ ਨੋਟਿਸ ਨਹੀਂ ਲਿਆ ਗਿਆ ਸੀ ਅਤੇ ਮਾਮਲਾ ਦਸਤਾਵੇਜ਼ਾਂ ਦੀ ਜਾਂਚ ਦੇ ਪੜਾਅ ’ਤੇ ਰਿਹਾ। ਕੁੱਲ 210 ਇਸਤਗਾਸਾ ਪੱਖ ਦੇ ਗਵਾਹਾਂ ਦਾ ਹਵਾਲਾ ਦਿੱਤਾ ਗਿਆ ਸੀ, ਅਤੇ ਨੇੜਲੇ ਭਵਿੱਖ ਵਿੱਚ ਮੁਕੱਦਮਾ ਸ਼ੁਰੂ ਹੋਣ ਦੀ ਕੋਈ ਯਥਾਰਥਵਾਦੀ ਸੰਭਾਵਨਾ ਨਹੀਂ ਸੀ। ਆਰਥਿਕ ਅਪਰਾਧ ਇੱਕ ਸਮਾਨ ਸ਼੍ਰੇਣੀ ਨਹੀਂ ਹਨ ਇਸ ਦਲੀਲ ਨੂੰ ਰੱਦ ਕਰਦੇ ਹੋਏ ਕਿ ਆਰਥਿਕ ਅਪਰਾਧਾਂ ਦੀ ਗੰਭੀਰਤਾ ਸਿਰਫ ਲੰਬੇ ਸਮੇਂ ਤੱਕ ਕੈਦ ਨੂੰ ਜਾਇਜ਼ ਠਹਿਰਾਉਂਦੀ ਹੈ, ਅਦਾਲਤ ਨੇ ਦੁਹਰਾਇਆ ਕਿ ਆਰਥਿਕ ਅਪਰਾਧਾਂ ਨੂੰ ਇੱਕ ਸਮਾਨ ਸ਼੍ਰੇਣੀ ਵਜੋਂ ਨਹੀਂ ਮੰਨਿਆ ਜਾ ਸਕਦਾ ਜੋ ਜ਼ਮਾਨਤ ਤੋਂ ਇਨਕਾਰ ਕਰਨ ਦੀ ਵਾਰੰਟੀ ਦਿੰਦਾ ਹੈ। ਬੈਂਚ ਨੇ ਦੇਖਿਆ ਕਿ ਪੀਐਮਐਲਏ ਦੇ ਤਹਿਤ, ਜਿੱਥੇ ਵੱਧ ਤੋਂ ਵੱਧ ਸਜ਼ਾ ਸੱਤ ਸਾਲ ਹੈ, ਕਾਨੂੰਨੀ ਪਾਬੰਦੀਆਂ ਨੂੰ ਧਾਰਾ 21 ਦੀ ਉਲੰਘਣਾ ਕਰਦੇ ਹੋਏ ਅਣਮਿੱਥੇ ਸਮੇਂ ਲਈ ਪ੍ਰੀ-ਟਰਾਇਲ ਹਿਰਾਸਤ ਵਿੱਚ ਰੱਖਣ ਦੀ ਆਗਿਆ ਨਹੀਂ ਦਿੱਤੀ ਜਾ ਸਕਦੀ। ਸੰਵਿਧਾਨਕ ਪਹਿਲੇ ਸਿਧਾਂਤਾਂ ਦੀ ਪੁਸ਼ਟੀ ਕਰਦੇ ਹੋਏ, ਜਸਟਿਸ ਅਰਾਧੇ ਦੁਆਰਾ ਲਿਖੇ ਗਏ ਫੈਸਲੇ ਵਿੱਚ ਕਿਹਾ ਗਿਆ ਹੈ ਕਿ ਧਾਰਾ 21 ਅਪਰਾਧ ਦੀ ਪ੍ਰਕਿਰਤੀ ਦੀ ਪਰਵਾਹ ਕੀਤੇ ਬਿਨਾਂ ਲਾਗੂ ਹੁੰਦੀ ਹੈ। ਜੇਕਰ ਨਿਆਂ ਪ੍ਰਣਾਲੀ ਸਮੇਂ ਸਿਰ ਸੁਣਵਾਈ ਨੂੰ ਯਕੀਨੀ ਬਣਾਉਣ ਵਿੱਚ ਅਸਮਰੱਥ ਹੈ, ਤਾਂ ਸਿਰਫ਼ ਦੋਸ਼ਾਂ ਦੀ ਗੰਭੀਰਤਾ ਨੂੰ ਦਰਸਾ ਕੇ ਇੱਕ ਅੰਡਰਟਰਾਇਲ ਦੀ ਨਿਰੰਤਰ ਕੈਦ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਧਾਰਮਿਕ ਅਤੇ ਰਾਜਸੀ ਤੌਰ ਤੇ ਬੁਹਤ ਹੀ ਨਾਜ਼ੁਕ ਦੌਰ ਵਿੱਚੋਂ ਲੰਘ ਰਹੀ



ਸਿੱਖ ਕੌਮ ਧਾਰਮਿਕ ਅਤੇ ਰਾਜਸੀ ਤੌਰ ਤੇ ਬੁਹਤ ਹੀ ਨਾਜ਼ੁਕ ਦੌਰ ਵਿੱਚੋਂ ਲੰਘ ਰਹੀ ਹੈ ।ਸਾਡੀਆਂ ਪਰੰਪਰਾਵਾਂ ਅਤੇ ਸੰਸਥਾਵਾਂ ਨੂੰ ਜਿੱਥੇ ਸਰਕਾਰਾਂ ਢਾਹ ਲਾ ਰਹੀਆਂ ਹਨ ਉੱਥੇ ਸਾਡੀ ਧਾਰਮਿਕ ਅਤੇ ਰਾਜਸੀ ਲੀਡਰਸ਼ਿੱਪ ਸਿੱਖ ਕੌਮ ਵਿੱਚ ਆਪਣੀ ਭਰੋਸੇਯੋਗਤਾ ਇਸ ਹੱਦ ਤੱਕ ਗੁਆ ਚੁੱਕੀ ਹੈ। ਕਿ ਉਨ੍ਹਾਂ ਦੀ ਕਹੀ ਕਿਸੇ ਵੀ ਗੱਲ ਤੇ ਸਿੱਖ ਕੌਮ ਭਰੋਸਾ ਕਰਨ ਲਈ ਤਿਆਰ ਨਹੀਂ ਹੈ ।ਸ਼੍ਰੋਮਣੀ ਕਮੇਟੀ ਜਿਸ ਦਾ ਬੜਾ ਕੁਰਬਾਨੀਆਂ ਭਰਿਆ ਇਤਿਹਾਸ ਹੈ ਵੀ ਆਪਣੇ ਰਾਜਸੀ ਆਗੂਆਂ ਨੂੰ ਖੁਸ਼ ਕਰਨ ਲਈ ਮਰਿਆਦਾ ਅਤੇ ਪਰੰਪਰਾਵਾਂ ਦਾ ਘਾਣ ਕਰ ਰਹੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸੰਸਥਾਵਾਂ ਦੀ ਕਿਸੇ ਗੱਲ ਦੀ ਵੀ ਸੰਗਤ ਵਿੱਚ ਵਿਸ਼ਵਾਸ ਯੋਗਤਾ ਨਹੀਂ ਬਣ ਰਹੀ। ਪਹਿਲਾਂ ਗੁਰੂ ਗ੍ਰੰਥ ਸਾਹਿਬ ਦੇ ਦੋਸ਼ੀਆਂ ਨੂੰ ਸਜ਼ਾ ਦਵਾਉਣ ਵਿੱਚ ਪਿਛਲੀਆਂ ਤਿੰਨੇ ਸਰਕਾਰਾਂ ਫੇਲ ਹੋਈਆਂ ਸਿਰਫ ਰਾਸਸੀ ਲਾਹਾ ਦੇਣ ਦੇ ਯਤਨ ਹੋਏ ਹੁਣ ਫੇਰ 328 ਸਰੂਪਾਂ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਕੌਮ ਨੂੰ ਕੋਈ ਵੀ ਤਸੱਲੀ ਬਖਸ਼ ਜਵਾਬ ਨਾ ਦੇਣ ਕਾਰਨ ਸਰਕਾਰ 328 ਸਰੂਪਾਂ ਦੇ ਮਾਮਲੇ ਤੇ ਰਾਜਸੀ ਦਖਲ ਦੇ ਕੇ ਰਾਜਨੀਤੀ ਕਰ ਰਹੀ ਹੈ ।ਸਿੱਖ ਕੌਮ ਦੀ ਤਰਾਸਦੀ ਹੈ ਕਿ ਪੰਜਾਬ ਵਿੱਚ ਗੁਰੂ ਮਹਾਰਾਜ ਦੀਆਂ ਬੇਅਦਬੀਆਂ ਤੇ 328 ਸਰੂਪਾਂ ਦੇ ਮਾਮਲੇ ਵਿੱਚ ਸਿੱਖ ਧਰਮ ਨੂੰ ਹੀ ਮੰਨਣ ਵਾਲੇ ਆਗੂਆਂ ਭਾਵੇਂ ਉਹ ਸਰਕਾਰ ਵਿੱਚ ਹਨ ਭਾਵੇਂ ਸ਼੍ਰੋਮਣੀ ਕਮੇਟੀ ਵਿੱਚ ਦੋਨੋਂ ਧਿਰਾਂ ਗੁਰੂ ਦੇ ਭੈ ਵਿੱਚ ਕੰਮ ਕਰਨ ਦੀ ਬਜਾਏ ਇੱਕ ਦੂਜੇ ਨੂੰ ਦੋਸ਼ੀ ਠਹਿਰਾਉਣ ਦੀ ਰਾਜਨੀਤੀ ਕਰ ਰਹੀਆਂ ਹਨ। ਚੁਣੇ ਹੋਏ ਸ਼੍ਰੋਮਣੀ ਕਮੇਟੀ ਮੈਂਬਰ ਆਪਣੇ ਰਾਜਸੀ ਹਿੱਤਾਂ ਲਈ ਚੁੱਪ ਹਨ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵੀ ਇੱਕ ਧਿਰ ਦੇ ਰਾਜਸੀ ਹਿੱਤਾਂ ਦੀ ਪੂਰਤੀ ਕਰਦੇ ਹੀ ਨਜ਼ਰ ਆ ਰਹੇ ਹਨ ਅਤੇ ਸਰਕਾਰ ਉਸ ਧਿਰ ਨੂੰ ਬਦਨਾਮ ਕਰਕੇ ਰਾਜਸੀ ਲਾਹਾ ਲੈਣ ਦੀ ਤਾਂਘ ਵਿੱਚ ਹੈ ਇਹ ਸਾਰੇ ਵਰਤਾਰੇ ਵਿੱਚ ਕੌਮ ਨਿਰਾਸ਼ ਹੈ ਅਤੇ ਇਕੱਲੇ ਸਿੱਖਾਂ ਦੇ ਮਾਮਲਿਆਂ ਤੇ ਹੀ ਕਿਉਂ ਇਸ ਤਰ੍ਹਾਂ ਰਾਜਨੀਤੀ ਕੀਤੀ ਜਾਂਦੀ ਹੈ। ਇਹਨਾਂ ਸਾਰੇ ਮਸਲਿਆਂ ਦਾ ਸਦੀਵੀ ਹੱਲ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਹੀ ਹਨ ਜਿਨਾਂ ਵਿੱਚ ਸਿੱਖ ਸੰਗਤ ਉੱਚੇ ਸੁੱਚੇ ਕਿਰਦਾਰ ਵਾਲੇ ਪੰਥਕ ਭਾਵਨਾਵਾਂ ਦੀ ਸਹੀ ਮਾਇਨਿਆਂ ਵਿੱਚ ਤਰਜਮਾਨੀ ਕਰਨ ਵਾਲੇ ਉਮੀਦਵਾਰਾਂ ਨੂੰ ਅੱਗੇ ਲੈ ਕੇ ਆਵੇ ਤਾਂ ਜੋ ਸ੍ਰੀ ਅਕਾਲ ਤਖਤ ਸਾਹਿਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਡੀਆਂ ਪਰੰਪਰਾਵਾਂ ਅਤੇ ਸੰਸਥਾਵਾਂ ਨੂੰ ਚੰਗੇ ਪ੍ਰਬੰਧਕੀ ਹੱਥਾਂ ਵਿੱਚ ਲੈ ਕੇ ਜਾਇਆ ਜਾ ਸਕੇ ਅਤੇ ਕੋਈ ਵੀ ਕੇਂਦਰ ਜਾਂ ਸੂਬਾ ਸਰਕਾਰ ਸਾਡੇ ਧਾਰਮਿਕ ਮਾਮਲਿਆਂ ਵਿੱਚ ਦਾਖਲ ਦੇਣ ਦੀ ਜ਼ੁਰਤ ਨਾ ਕਰ ਸਕੇ ਅਸੀਂ ਸਿੱਖ ਕੌਮ ਦੇ ਪ੍ਰਬੰਧਾਂ ਵਿੱਚ ਸਰਕਾਰੀ ਦਖਲ ਦੀ ਪਰਜੋਰ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਰਤਾਰੇ ਵਿੱਚ ਨਿਭਾਏ ਰੋਲ ਦੀ ਵੀ ਨਿੰਦਾ ਕਰਦੇ ਹਾਂ ਕਿਉਂਕਿ ਇਹਨਾਂ ਦੀ ਗਲਤ ਨੀਤੀਆਂ ਅਤੇ ਮਾੜੇ ਪ੍ਰਬੰਧਾਂ ਕਾਰਨ ਹੀ ਸਰਕਾਰ ਨੇ ਸਿੱਖ ਮਾਮਲਿਆਂ ਵਿੱਚ ਦਖਲ ਅੰਦਾਜ਼ੀ ਕਰਕੇ ਮਾੜੀਆਂ ਪਿਰਤਾਂ ਪਾਈਆਂ ਹਨ ਜੋ ਸਾਡੇ ਲਈ ਚਿੰਤਾ ਦਾ ਵਿਸ਼ਾ ਹਨ।

**-ਸਰਦਾਰ ਇਕਬਾਲ ਸਿੰਘ ਝੂੰਦਾਂ**
**ਆਗੂ ਸਰੋਮਣੀ ਅਕਾਲੀ ਦਲ ਪੁਨਰ ਸੁਰਜੀਤ**

ਆਵਾਜ਼ਿ ਕੌਮ AWAZE QAUM International Newspaper & WEB TV

# ਖੇੜੀ ਜੱਟਾ ਵਿਖੇ ਕੰਮਿਉਨੀਟੀ ਸੈਂਟਰ (ਜਿੰਨੀ ਪੈਲੇਸ) ਬਣਨ ਦੀ ਖੁਸ਼ੀ ’ਚ ਅਖੰਡ ਪਾਠ ਸਾਹਿਬ ਕਰਵਾਏ ਗਏ



**ਧੂਰੀ ( ਰਣਜੀਤ ਸਿੰਘ ਪੇਧਨੀ )-**ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਣ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਖੇੜੀ ਜੱਟਾਂ ਦੇ ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾ ਦੀ ਅਗਵਾਈ ਹੇਠ ਪਿੰਡ ਵਿੱਚ ਬਣਾਏ ਗਏ ਕੰਮਿਉਨੀਟੀ ਹਾਲ ਮਿੰਨੀ ਪੈਲਸ ਬਣਨ ਦੀ ਖੁਸ਼ੀ ਦੇ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਹੋਇਆਂ ਸਮੂਹ ਰਵਿਦਾਸ ਭਾਈਚਾਰੇ ਵੱਲੋ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਗਏ। ਜਿਸ ਵਿੱਚ ਬ੍ਰਹਮ ਗਿਆਨੀ ਸੰਤ ਬਾਬਾ ਭਰਪੂਰ ਸਿੰਘ ਜੀ ਸੇਖਾ ਜਲੂਰ ਵਾਲਿਆਂ ਨੇ ਦੀਵਾਨ ਸਜਾ ਕੇ ਸੰਗਤਾਂ ਨੂੰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨਾ ਕੀਤਾ। ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਰਵਿਦਾਸ ਭਾਈਚਾਰੇ ਵੱਲੋ ਤਿੰਨ ਦਿਨ ਲੰਗਰ ਲਗਾਇਆ ਗਿਆ ।

ਮੁੱਖ ਮੰਤਰੀ ਦਫ਼ਤਰ ਵੱਲੋਂ ਰਛਪਾਲ ਸਿੰਘ ਭੁੱਲਰਹੇੜੀ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ ਵਿਸ਼ੇਸ਼ ਤੌਰ ’ਤੇ ਸਾਮਿਲ ਹੋਏ । ਇਸ ਮੌਕੇ ਪੰਚ ਨਿਰਮਲ ਸਿੰਘ, ਪੰਚ ਦੇਸਰਾਜ ਸਿੰਘ, ਪੰਚ ਰਣਜੀਤ ਸਿੰਘ ਪੰਚ ਨਿੱਕਾ ਖਾ, ਹਰਦੀਪ ਸਿੰਘ, ਬਲਵਿੰਦਰ ਸਿੰਘ, ਸਾਬਕਾ ਸਰਪੰਚ ਸੁਰਜੀਤ ਸਿੰਘ, ਸੁਖਵਿੰਦਰ ਸਿੰਘ, ਗੋਗਾ, ਲਾਡੀ, ਬੰਟੀ, ਕੁੰਕਰ, ਬਲਦੇਵ ਸਿੰਘ, ਕੁਲਵੰਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



ਤਲਵੰਡੀ ਸਾਬੋ, 06 ਜਨਵਰੀ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ (ਰਜਿ:) ਪੰਜਾਬ, ਬਲਾਕ ਦੀ ਮੀਟਿੰਗ ਬਲਾਕ ਕਾਰਜਕਾਰੀ ਮੈਂਬਰ ਭੋਲਾ ਸਿੰਘ ਸ਼ੇਖਪੁਰਾ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ ’ਤੇ ਵਿਚਾਰਾਂ ਕੀਤੀਆਂ ਗਈਆਂ ਅਤੇ ਵੱਖ-ਵੱਖ ਵਿਸ਼ਿਆਂ ’ਤੇ ਸਾਥੀਆਂ ਨੂੰ ਸਿਹਤ ਸਹੂਲਤਾਂ ਬਾਰੇ ਦੱਸਿਆ ਗਿਆ। ਖ਼ਾਸ ਕਰਕੇ ਜੋ ਹੁਣ ਬੁਖਾਰ ਜੁਕਾਮ ਚੱਲ ਰਿਹਾ ਹੈ ਇਸ ਦਾ ਸਹੀ ਇਲਾਜ ਅਤੇ ਪ੍ਰਹੇਜ ਬਾਰੇ ਦੱਸਿਆ ਗਿਆ। ਇਸ ਤੋਂ ਉਪਰੰਤ ਜ਼ਿਲ੍ਹਾ ਪ੍ਰਧਾਨ ਮੇਵਾ ਸਿੰਘ ਬਰਾੜ, ਮਨਪ੍ਰੀਤ ਸਿੰਘ ਬੁਰਜ ਡੱਲਾ, ਬੂਟਾ ਸਿੰਘ, ਭਿੰਦਰ ਸਿੰਘ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਜਿਲਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਬਲਾਕ ਚੇਅਰਮੈਨ ਜੋਗਿੰਦਰ ਸਿੰਘ ਜਗਾ, ਸਹਾਇਕ ਕੈਸ਼ੀਅਰ ਗੁਰਪ੍ਰੀਤ ਸਿੰਘ ਸਰਾਂ ਤਲਵੰਡੀ ਸਾਬੋ, ਰਛਪਾਲ ਸਿੰਘ ਤਲਵੰਡੀ ਸਾਬੋ, ਵਾਈਸ ਮੀਤ ਪ੍ਰਧਾਨ ਅਮਨ ਧਾਲੀਵਾਲ, ਵਾਈਸ ਮੀਤ ਪ੍ਰਧਾਨ ਗੁਰਨਾਮ ਸਿੰਘ ਖੋਖਰ, ਅੰਤਰ ਸਿੰਘ ਮਾਨ ਵਾਲਾ, ਗੱਗੜ ਸਿੰਘ ਗਹਿਲੇਵਾਲਾ, ਭਰਪੂਰ ਸਿੰਘ ਸੀਂਗੋ, ਜਸਵੀਰ ਸਿੰਘ ਕੋਟ ਬਖਤੂ, ਰੇਸ਼ਮ ਸਿੰਘ, ਚਾਨਣ ਰਾਮ ਜਗਾ, ਮੋਦਨ ਸਿੰਘ ਸੁਖਲੱਧੀ, ਸੁਖਚਰਨ ਸਿੰਘ ਲੇਲੇਵਾਲਾ, ਬਲਵੰਤ ਸਿੰਘ ਤਲਵੰਡੀ ਸਾਬੋ, ਸੁਖਮੰਦਰ ਸਿੰਘ, ਅਮ੍ਰਿਤਪਾਲ ਸਿੰਘ ਤਲਵੰਡੀ ਸਾਬੋ, ਤਰਸੇਮ ਸਿੰਘ, ਹਰਪ੍ਰੀਤ ਸਿੰਘ, ਵਿੱਕੀ ਸੇਠ, ਪ੍ਰਿਤਪਾਲ ਸਿੰਘ ਨੱਤ ਬੰਗੇਹਰ, ਕੁਲਵੰਤ ਸਿੰਘ, ਹਰਵਿੰਦਰ ਸਿੰਘ ਚਹਿਲਾਂ ਵਾਲੀ, ਵੈਦ ਰਾਜਾ, ਗੁਰਸੇਵਕ ਸਿੰਘ, ਜੱਜਪ੍ਰੀਤ ਸਿੰਘ, ਸੰਦੀਪ ਸਿੰਘ, ਕੁਲਵਿੰਦਰ ਸਿੰਘ ਕੋਟ ਬਖਤੂ, ਗੁਰਦੀਪ ਸਿੰਘ ਜੀਵਨ ਸਿੰਘ ਵਾਲਾ, ਸੁਰੇਸ਼ ਕੁਮਾਰ, ਜਸਵੰਤ ਸਿੰਘ, ਨਸੀਬ ਸਿੰਘ, ਅਮਨਦੀਪ ਸਿੰਘ, ਮਨਜੀਤ ਸਿੰਘ ਧਿੰਗੜ, ਜਗਰੂਪ ਸਿੰਘ ਗੋਲੇਵਾਲਾ, ਗੁਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਤਲਵੰਡੀ ਸਾਬੋ, ਗੁਰਵਿੰਦਰ ਸਿੰਘ, ਕੁਲਦੀਪ ਸਿੰਘ, ਜਗਸੀਰ ਸਿੰਘ ਸੀਂਗੋ, ਜਗਸੀਰ ਸਿੰਘ, ਦਰਸ਼ਨ ਸਿੰਘ, ਨਰਿੰਦਰ ਸਿੰਘ ਬਹਿਮਣ ਕੌਰ ਸਿੰਘ, ਗਗਨਦੀਪ ਸਿੰਘ ਮਾਨ, ਸੁਖਪਾਲ ਖਹਿਰਾ ਸਿੰਘ ਬਹਿਮਣ ਜੱਸਾ ਸਿੰਘ, ਜਸਵੰਤ ਸਿੰਘ, ਨਾਜ਼ਰ ਸਿੰਘ ਸੁਖਲੱਧੀ, ਤਰਸੇਮ ਸਿੰਘ, ਅਨਮੋਲ ਰਤਨ ਦੀਪ ਸਿੰਘ, ਜਸਵੀਰ ਸਿੰਘ, ਪ੍ਰਗਟ ਸਿੰਘ, ਬੂਟਾ ਸਿੰਘ, ਵਿਜੈ ਪਾਲ ਸਿੰਘ ਚੌਧਰੀ, ਜਨਕ ਰਾਜ ਬਹਿਮਣ, ਜਗਰੂਪ ਸਿੰਘ ਲੇਲੇਵਾਲਾ, ਜਗਰੂਪ ਸਿੰਘ ਰਤਨਗੜ੍ਹ, ਵਰਿੰਦਰ ਸਿੰਘ ਅਤੇ ਹੋਰ ਵੱਡੀ ਗਿਣਤੀ ਵਿਚ ਸਾਥੀਆਂ ਨੇ ਭਾਗ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸ. ਤਲਬੀਰ ਸਿੰਘ ਗਿੱਲ ਵੱਲੋਂ

# ਪਿੰਡ ਵਡਾਲਾ ਵੀਰਮ 18 ਦੀ ਰੈਲੀ ਸੰਬੰਧੀ ਮੀਟਿੰਗ





**ਚੌਕ ਮਹਿਤਾ, 6 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਪਿੰਡ ਵਡਾਲਾ ਵਿੱਚ ਸਰਪੰਚ ਕਰਮਜੀਤ ਸਿੰਘ ਵਲੋ ਰੱਖੀ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ ਇਸ ਮੌਕੇ ਤਲਬੀਰ ਸਿੰਘ ਗਿੱਲ ਸਵਾਗਤ ਕੀਤਾ ਗਿਆ, ਇਸ ਮੌਕੇ ਬੋਲਦਿਆਂ ਸ ਤਲਬੀਰ ਸਿੰਘ ਗਿੱਲ ਨੇ ਨੇ ਕਿਹਾ ਕਿ 18 ਦੀ ਰੈਲੀ ਵਿਰੋਧੀਆਂ ਦੀਆਂ ਚੀਕਾਂ ਕਢਵਾ ਦਵੇਗੀ ਅਤੇ ਹਲਕਾ ਮਜੀਠਾ ਵਿੱਚ ਵਿਰੋਧੀ ਪਾਰਟੀਆਂ ਜੋ ਰਲ ਕੇ ਚੱਲ ਰਹੀਆਂ ਹਨ' ਉਹਨਾਂ ਨੂੰ ਦੱਸੇਗੀ ਕਿ ਹਲਕਾ ਮਜੀਠਾ ਦੇ ਲੋਕ ਕਿਸ ਦੇ ਨਾਲ ਹਨ ਇਸ ਮੌਕੇ ਬੋਲਦਿਆਂ ਉਹਨਾਂ ਕਿਹਾ ਕਿ ਭਗਵੰਤ ਸਿੰਘ ਮਾਨ ਨੇ ਕੋਈ ਕੰਮ ਹੀ ਨਹੀਂ ਰਹਿਣ ਦੇਣਾ ਤਾਂ ਕਿ ਲੋਕਾਂ ਨੂੰ ਇਹ ਕਹਿਣ ਦਾ ਮੌਕਾ ਮਿਲੇ ਕਿ ਸਾਡਾ ਆਹ ਕੰਮ ਰਹਿ ਗਿਆ ਉਹ ਕੰਮ ਰਹਿ ਗਿਆ ਹਲਕੇ ਦੀਆਂ ਸਾਰੀਆਂ ਸੜਕਾਂ ਦਾ ਕੰਮ ਚੱਲ ਰਿਹਾ ਇਸ ਤੋਂ ਇਲਾਵਾ ਵਿਕਾਸ ਦੀ ਕੋਈ ਕਸਰ ਨਹੀਂ ਛੱਡੀ ਜਾਏਗੀ 15 ਤਰੀਕ ਨੂੰ ਦਸ ਲੱਖ ਰੁਪਏ ਸਿਹਤ ਬੀਮਾ ਵਾਲੇ ਕਾਰਡ ਬਣਨੇ ਸ਼ੁਰੂ ਹੋ ਜਾਣਗੇ ਜਿਸ ਦਾ ਉਦਘਾਟਨ ਮੁੱਖ ਮੰਤਰੀ ਭਗਵੰਤ ਮਾਨ ਜੀ ਕਰਨਗੇ ਉਹਨਾਂ ਕਿਹਾ ਕਿ ਕਿਸਾਨਾਂ ਨੂੰ ਅੱਠ ਘੰਟੇ ਦਿਨੇ ਬਿਜਲੀ ਮਿਲ ਰਹੀ ਹ। 600 ਜੂਨਟ ਬਿਜਲੀ ਹਰ ਇੱਕ ਪਰਿਵਾਰ ਨੂੰ ਫਰੀ ਮਿਲ ਰਹੀ ਹੈ ਤੇ ਲੋਕ ਸਰਕਾਰ ਦੁਬਾਰਾ ਬਣਾਉਣ ਲਈ ਤਿਆਰ ਹਨ 328 ਸਰੂਪਾਂ ਦੀ ਗੁਮਸੁਦਗੀ ਤੇ ਬੋਲਦਿਆਂ ਸ ਤਲਬੀਰ ਸਿੰਘ ਗਿੱਲ ਜੀ ਨੇ ਕਿਹਾ ਕਿ ਸਰਕਾਰ ਦੀ ਕੋਈ ਸਿਖ ਧਰਮ ਵਿੱਚ ਦਖਲਅੰਦਾਜ਼ੀ ਨਹੀ ਹੈ ਜਥੇਦਾਰ ਵਿਚਾਰਾ ਅਪਣੇ ਅਕਾਵਾਂ ਦੀ ਬੋਲੀ ਬੋਲ ਰਿਹਾ ਹੈ ਇਹ ਵਿਚਾਰਾ ਵੀ ਆਪਣੀ ਦਿਹਾੜੀ ਬੱਚਾ ਰਿਹਾ ਵਿਚਾਰਾਂ ਦਿਹਾੜੀਦਾਰ ਮੁਲਾਜ਼ਮ ਆ ਜੇ ਨਾ ਇੰਨਾ ਕੁ ਕੰਮ ਕਰੇ ਤੇ ਇਹਦੀ ਦਿਹਾੜੀ ਕੱਟੀ ਜਾਣੀ ਆ ਇਹਨੂੰ ਪਾਰਟੀਬਾਜੀ ਤੋਂ ਉੱਠ ਕੇ ਤੇ ਸਾਰੇ ਸਿੱਖਾਂ ਵਾਸਤੇ ਸੋਚਣਾ ਚਾਹੀਦਾ ਪਰ ਇਹ ਵਿਚਾਰਾ ਜੇ ਇਸ ਤਰ੍ਹਾਂ ਨਾ ਕਰੇ ਤੇ ਇਹਦੀ ਵੀ ਕੁਰਸੀ ਜਾਂਦੀ ਆ ਅਸੀਂ ਇਹਦੇ ਬਾਰੇ ਕੁਝ ਨਹੀਂ ਬੋਲਣਾ ਵਿਚਾਰੇ ਬਾਰੇ ਆਮ ਆਦਮੀ ਪਾਰਟੀ ਦੀ ਸਰਕਾਰ ਤਾਂ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲਿਆਂ ਨੂੰ ਬੰਦੇ ਦੇ ਪੁੱਤ ਬਣਾਵੇਗੀ ਉਹਨਾਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਕੋਈ ਮੁੱਦਾ ਨਹੀ ਹੈ ਇਸ ਮੌਕੇ ਉਹਨਾਂ ਨਾਲ ਹੋਰ ਆਗੂਆਂ ਵਕੀਲ ਕਰਮਜੀਤ ਤਰਨਜੀਤ ਸਿੰਘ ਹੰਜਰਾ ਬਲਾਕ ਸੰਮਤੀ ਮੈਂਬਰ ਬਲਜਿੰਦਰ ਸਿੰਘ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਵਡਾਲਾ ਪ੍ਰਦਾਨ ਰੁਪਿੰਦਰ ਸਿੰਘ ਵਡਾਲਾ ਨੰਬਰਦਾਰ ਪ੍ਰਗਟ ਸਿੰਘ ਬਲਬੀਰ ਸਿੰਘ ਬੋਪਾਰਾਏ ਜਿਲਾ ਪ੍ਰਧਾਨ ਕਿਸਾਨ ਵਿੰਗ ਸ ਰੇਸ਼ਮ ਸਿੰਘ ਪ੍ਰਧਾਨ ਕਿਸਾਨ ਵਿੰਗ ਬਲਵਿੰਦਰ ਸਿੰਘ ਛੀਨਾ ਸਿਆਸੀ ਸਲਾਹਕਾਰ ਨਿਸ਼ਾਨ ਸਿੰਘ ਅਰਜਨ ਮਾਂਗਾ ਮਲਕੀਤ ਸਿੰਘ ਭੋਏ ਓਐਸਡੀ ਪਰਮਜੀਤ ਸਿੰਘ ਮੱਤੇਵਾਲ ਮੈਂਬਰ ਜਿਲਾ ਪ੍ਰੀਸ਼ਦ ਲਵਪ੍ਰੀਤ ਸਿੰਘ ਯੂਥ ਵਿੰਗ ਪ੍ਰਧਾਨ ਮਜੀਠਾ ਸ਼ਿਵ ਜੀ ਭੀਲੋਵਾਲ ਹੁਸਨਪ੍ਰੀਤ ਸਿੰਘ ਸਿਆਲਕਾ ਮੈਂਬਰ ਜਿਲਾ ਪ੍ਰੀਸ਼ਦ ਤਰਸੇਮ ਸਿੰਘ ਸਿਆਲਕਾ ਜੀ ਸਿਕੰਦਰ ਸਿੰਘ ਖਿੱਦੋ ਵਾਲੀ ਬਲਾਕ ਸੰਮਤੀ ਮੈਂਬਰ ਮਨਜਿੰਦਰ ਸਿੰਘ ਮਾਂਗਾ ਸਿਰਾਏ ਬਲਾਕ ਪ੍ਰਧਾਨ ਸਾਹਿਬ ਸਿੰਘ ਰੰਗੀਲਪੁਰ ਬਲਾਕ ਪ੍ਰਧਾਨ ਲਛਮਣ ਸਿੰਘ ਅਬਦਾਲ ਵਿਕੀ ਚਵਿੰਡਾ ਏਪੀ ਚਵਿੰਡਾ ਬੱਬੀ ਸਰਪੰਚ ਸਵਰਨ ਸਿੰਘ ਐਸ ਐਸ ਸਵਰਨ ਸਿੰਘ ਕੁਰਾਲੀਆਂ ਧੰਨਾ ਸਿੰਘ ਢੱਡੇ ਹਰਦੇਵ ਸਿੰਘ ਸਤਨਾਮ ਸਿੰਘ ਮੈਨੇਜਰ ਸਵਿੰਦਰ ਸਿੰਘ ਜੀ ਅਤੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚ ਪੰਚ ਅਤੇ ਹੋਰ ਵਲੰਟੀਅਰ ਸਾਥੀ ਵੀ ਹਾਜ਼ਰ ਸਨ।

ਦੇਵ ਰਾਜ ਸ਼ਰਮਾ ਨਥੇਹਾ ਦੀ 17ਵੀਂ ਬਰਸੀ 'ਤੇ ਵਿਸ਼ੇਸ਼

# ਸ਼ਮਾਜ ਸੇਵਾ ਲਈ ਰਾਹ ਦਸੇਰਾ ਸਨ- ਦੇਵ ਰਾਜ ਸ਼ਰਮਾ ਵਾਸੀ ਨਥੇਹਾ



ਤਲਵੰਡੀ ਸਾਬੋ, 6 ਜਨਵਰੀ (ਗੁਰਜੰਟ ਸਿੰਘ ਨਥੇਹਾ)- ਬੇਸੱਕ ਪਿੰਡ ਨਥੇਹਾ ਦੇ ਦੇਵ ਰਾਜ ਸ਼ਰਮਾ ਨੂੰ ਇਸ ਫਾਨੀ ਸੰਸਾਰ ਵਿੱਚੋਂ ਰੁਖਸਤ ਕਰਕੇ ਆਪਣੇ ਸੱਚਖੰਡ ਵਿੱਚ ਬਿਰਾਜਿਆਂ ਨੂੰ ਪੂਰੇ 18 ਸਾਲ ਹੋ ਚੁੱਕੇ ਹਨ ਫਿਰ ਵੀ ਪਰਿਵਾਰਕ ਮੈਬਰ ਉਨਾਂ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਸਮਾਜ ਸੇਵਾ ਵਿੱਚ ਵਧ ਚੜ ਕੇ ਯੋਗਦਾਨ ਪਾ ਰਹੇ ਹਨ। ਉਨਾਂ ਦਾ ਜਨਮ ਪਿੰਡ ਨਥੇਹਾ ਦੇ ਗਿਆਨਯੋਗੀ ਪੰਡਤ ਬਰਮਾਂ ਨੰਦ ਦੇ ਘਰ ਹੋਇਆ। ਪਰਿਵਾਰ ਵਿੱਚ ਸਭ ਤੋਂ ਵੱਡੇ ਹੋਣ ਸਦਕਾ ਆਪਨੇ ਆਪਣੇ ਸਾਰੇ ਪਰਿਵਾਰ ਦੀ ਕਬੀਲਦਾਰੀ ਸੈਟ ਕਰਨ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ। ਆਪ ਨੇ ਆਪਣਾ ਗ੍ਰਹਿਸਥੀ ਜੀਵਨ ਰਿਟਾਇਰਡ ਬੀ.ਪੀ.ਈ.ਓ ਸ਼੍ਰੀਮਤੀ ਲਾਜਵੰਤੀ ਨਾਲ ਬਾਖੂਬੀ ਨਿਭਾਇਆ ਜਿਸ ਵਿੱਚ ਆਪਦੇ ਤਿੰਨ ਬੇਟੇ ਤੇ ਦੋ ਬੇਟੀਆਂ ਹੋਈਆਂ ਜੋ ਆਪ ਵੱਲੋਂ ਦੱਸੇ ਮਾਰਗ 'ਤੇ ਚਲਦਿਆਂ ਲੋਕਾਂ ਦੀ ਦਿਲੋਂ ਸੇਵਾ ਕਰਕੇ ਸਮਾਜ ਵਿੱਚ ਉਨਾਂ ਦੇ ਬਾਕੀ ਰਹਿੰਦੇ ਕਾਰਜਾਂ ਨੂੰ ਪੂਰਾ ਕਰਨ ਵਿੱਚ ਕੋਈ ਕਸਰ ਬਾਕੀ ਨਹੀ ਛੱਡ ਰਹੇ। ਜਿਸ ਤਹਿਤ ਉਨਾਂ ਦੀ ਸਪੁੱਤਰੀ ਪਿੰਡ ਪਥਰਾਲਾ ਵਿੱਚ ਡਾਕਟਰੀ ਦੀ ਸੇਵਾ ਕਰਕੇ ਅਨੇਕਾਂ ਲੋਕਾਂ ਦੀਆਂ ਦੁਆਵਾਂ ਲੈ ਰਹੀ ਹੈ। ਜਦੋਂ ਕਿ ਉਨਾਂ ਦੇ ਤਿੰਨ ਬੇਟੇ ਲਕਵਿੰਦਰ ਸ਼ਰਮਾ, ਕੁਲਵਿੰਦਰ ਨਥੇਹਾ, ਮਨੀਵਿੰਦਰ ਸ਼ਰਮਾ ਅਧਿਆਪਕ, ਬਿਜਲੀ ਵਿਭਾਗ ਤੇ ਸਹਿਕਾਰਤਾ ਵਿਭਾਗ ਸਮਾਜ ਦੀ ਸੇਵਾ ਕਰ ਰਹੇ ਹਨ। ਉਨਾਂ ਦੀਆਂ ਯਾਦਾਂ ਨੂੰ ਤਾਜਾ ਕਰਦੇ ਹੋਏ ਅੱਜ ਉਨਾਂ ਦੀ ਅਠਾਰਵੀਂ ਬਰਸੀ 'ਤੇ ਪਰਿਵਾਰਕ ਮੈਬਰ ਇੱਕ ਪ੍ਰੋਗਰਾਮ ਕਰਵਾ ਕੇ ਪਰਮਾਰਥੀ ਸੇਵਾ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਗੁਰਮੇਲ ਸਿੰਘ ਮੌੜ ਨੇ ਪਾਰਟੀ ਪ੍ਰਧਾਨ ਵੜਿੰਗ ਨਾਲ ਹੈਪੀ ਖੇੜਾ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



**ਮਹਿਲ ਕਲਾਂ (ਰਣਜੀਤ ਸਿੰਘ ਪੇਧਨੀ)**-ਕਾਂਗਰਸ ਪਾਰਟੀ ਦਫਤਰ ਇੰਚਾਰਜ ਹੈਪੀ ਖੇੜਾ ਜੀ ਦੇ ਪਿਤਾ ਜੀ ਪਿਛਲੇ ਦਿਨੀ ਗੁਰੂ ਚਰਨਾ ਵਿੱਚ ਜਾਂ ਬਰਾਜੇ ਸਨ ਅੱਜ ਉਹਨਾਂ ਦੀ ਅੰਤਿਮ ਅਰਦਾਸ ਦੇ ਵਿੱਚ ਸਾਡੇ ਪੰਜਾਬ ਦੇ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸਮੁੱਚੀ ਸੀਨੀਅਰ ਕਾਂਗਰਸ ਪਾਰਟੀ ਦੇ ਲੀਡਰ ਸਾਹਿਬਾਨਾਂ ਨੇ ਹਾਜ਼ਰੀ ਲਗਵਾਈ ਅਤੇ ਸਾਡੇ ਸਤਿਕਾਰਯੋਗ ਐਮਐਲਏ ਕੁਲਦੀਪ ਸਿੰਘ ਕਾਲਾ ਢਿੱਲੋ ਸ੍ਰੀ ਮੱਖਣ ਸ਼ਰਮਾ ਸ੍ਰੀ ਮਹੇਸ਼ ਕੁਮਾਰ ਲੋਟਾ ਦਾਸ ਗੁਰਮੇਲ ਸਿੰਘ ਮੌੜ ਗੁਰਪ੍ਰੀਤ ਸਿੰਘ ਲੱਕੀ ਪੱਖੋ ਅਤੇ ਜਿਲਾ ਕਾਂਗਰਸ ਬਰਨਾਲਾ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ।

# ਸਾਢੇ 6 ਸਾਲਾ ਦੌੜਾਕ ਨੂੰ ਦਿੱਤੀ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਹੱਲਾਸ਼ੇਰੀ

☛ 10 ਸਾਲਾ ਬੱਚਿਆਂ ਦੀਆਂ ਖੇਡਾਂ ਵਿੱਚ ਦੌੜਾਕ ਜਸਰਾਜ ਸਿੰਘ ਨੇ ਜਿੱਤਿਆ ਸੀ ਸੋਨੇ ਦਾ ਤਮਗਾ ☛ ਡਿਪਟੀ ਕਮਿਸ਼ਨਰ ਵੱਲੋਂ ਮੁਬਾਰਕਬਾਦ ਅਤੇ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ



ਸੰਗਰੂਰ (ਰਣਜੀਤ ਸਿੰਘ ਪੇਧਨੀ ) ਲੰਘੇ ਦਿਨੀਂ ਪਿੰਡ ਘਰਾਚੋਂ ਵਿੱਚ ਪ੍ਰਸਿੱਧ ਖੇਡ ਪ੍ਰਮੋਟਰ ਪਿੰਕਾ ਜਰਗ ਵੱਲੋਂ ਕਰਵਾਈਆਂ ਗਈਆਂ 10 ਸਾਲਾ ਬੱਚਿਆਂ ਦੀਆਂ ਖੇਡਾਂ ਵਿੱਚ ਦੌੜਾਕ ਜਸਰਾਜ ਸਿੰਘ ਨੇ ਸੋਨੇ ਦਾ ਤਮਗਾ ਜਿੱਤਿਆ ਸੀ। ਦੌੜਾਕ ਜਸਰਾਜ ਸਿੰਘ ਜ਼ਿਲ੍ਹਾ ਸੰਗਰੂਰ ਦੇ ਪਿੰਡ ਮੰਗਵਾਲ ਦਾ ਖ਼ਿਡਾਰੀ ਹੈ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਅੱਜ ਦੌੜਾਕ ਜਸਰਾਜ ਸਿੰਘ ਨੂੰ ਆਪਣੇ ਦਫ਼ਤਰ ਬੁਲਾ ਕੇ ਵਿਸ਼ੇਸ਼ ਤੌਰ ਉੱਤੇ ਹੱਲਾਸ਼ੇਰੀ ਦਿੱਤੀ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੂੰ ਜਸਰਾਜ ਸਿੰਘ ਦੇ ਪਿਤਾ ਜਗਪਾਲ ਸਿੰਘ ਨੇ ਦੱਸਿਆ ਕਿ ਜਸਰਾਜ ਸਿੰਘ ਦੀ ਉਮਰ ਇਸ ਵੇਲੇ ਸਾਢੇ 6 ਸਾਲ ਹੈ ਅਤੇ ਉਹ ਸਥਾਨਕ ਸਕੂਲ ਵਿੱਚ ਪਹਿਲੀ ਜਮਾਤ ਦਾ ਵਿਦਿਆਰਥੀ ਹੈ। ਉਹ ਜਨਮ ਤੋਂ ਹੀ ਖੇਡਾਂ ਪ੍ਰਤੀ ਬਹੁਤ ਉਤਸ਼ਾਹ ਰੱਖਦਾ ਹੈ। ਉਸਦੀ ਖੇਡਾਂ ਪ੍ਰਤੀ ਰੁਚੀ ਨੂੰ ਦੇਖਦੇ ਹੋਏ ਉਸਨੂੰ ਸੰਗਰੂਰ ਦੇ ਵਾਰ ਹੀਰੋਜ਼ ਸਟੇਡੀਅਮ ਵਿਖੇ ਕੋਚਿੰਗ ਲਈ ਭੇਜਿਆ ਗਿਆ ਸੀ ਤਾਂ ਉਸਦੀ ਪ੍ਰਤਿਭਾ ਵਿੱਚ ਲਗਾਤਾਰ ਨਿਖ਼ਾਰ ਆ ਰਿਹਾ ਹੈ। ਮੌਜੂਦਾ ਸਮੇਂ ਉਹ ਡਿਸਟ੍ਰਿਕਟ ਐਥਲੈਟਿਕ ਐਸੋਸ਼ੀਏਸ਼ਨ ਦੇ ਜਨਰਲ ਸਕੱਤਰ ਅਤੇ ਕੋਚ ਸ਼੍ਰੀ ਸੰਜੇ ਕੁਮਾਰ ਕੋਲੋਂ ਸਿਖ਼ਲਾਈ ਪ੍ਰਾਪਤ ਕਰ ਰਿਹਾ ਹੈ। ਕਿੱਤੇ ਵਜੋਂ ਖੇਤੀਬਾੜੀ ਨਾਲ ਜੁੜੇ ਪਿਤਾ ਜਗਪਾਲ ਸਿੰਘ ਨੇ ਇੱਛਾ ਜਤਾਈ ਕਿ ਉਹ ਜਸਰਾਜ ਸਿੰਘ ਨੂੰ ਦੇਸ਼ ਲਈ ਉਲੰਪਿਕ ਵਿੱਚ ਖੇਡਦਾ ਦੇਖਣਾ ਚਾਹੁੰਦਾ ਹੈ ਉਸਨੇ ਦੱਸਿਆ ਕਿ ਉਹ ਆਪਣੇ ਸਕੂਲ ਦੀ ਲੌਂਗ ਜੰਪ ਟੀਮ ਦਾ ਵੀ ਮੋਹਰੀ ਮੈਂਬਰ ਹੈ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਦੌੜਾਕ ਜਸਰਾਜ ਸਿੰਘ ਨੂੰ ਉਸਦੀ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਭਵਿੱਖ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਹਨਾਂ ਕਿਹਾ ਕਿ ਉਭਰਦੇ ਖਿਡਾਰੀਆਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਲੈਣਾ ਚਾਹੀਦਾ ਹੈ।

### ਸਰਸੇ ਵਾਲੇ ਬਲਾਤਕਾਰੀ ਕਾਤਲ ਲੰਡਰ ਸਾਧ ਨੂੰ ਵਾਰ ਵਾਰ ਜੇਲ੍ਹ 'ਚ ਪੈਰੋਲ ਛੁੱਟੀ ਦੇ ਕੇ ਸਿੱਖਾਂ ਨੂੰ ਚਿੜਾਉਣ ਤੇ ਅਦਾਲਤੀ ਇਨਸਾਫ ਪ੍ਰਕਿਰਿਆ ਦਾ

# ਚਿੱਟੇ ਦਿਨ ਘਾਣ ਕਰ ਰਹੀ ਸਿੱਖ ਵਿਰੋਧੀ ਭਾਜਭਾਈ ਸਰਕਾਰ:ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ 6 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਦੇਸ਼ ਦਾ ਬੱਚਾ ਬੱਚਾ ਇਸ ਤੋਂ ਭਲੀਭਾਂਤ ਜਾਣੂ ਹੈਂ ਕਿ ਸਰਸੇ ਵਾਲਾ ਰਾਮ ਰਹੀਮ ਲੰਡਰ ਸਾਧ ਕਈ ਬਲਾਤਕਾਰ ਅਤੇ ਕਤਲਾਂ ਦਾ ਦੋਸ਼ੀ ਪਾਇਆ ਗਿਆ ਅਤੇ ਅੱਜ ਹਰਿਆਣਾ ਦੀ ਕੇਂਦਰੀ ਜੇਲ੍ਹ ਸਨਾਰੀਆਂ'ਚ ਜੇਲ੍ਹ ਬੰਦ ਹੋਣ ਦੇ ਬਾਵਜੂਦ 15 ਵੀਂ ਵਾਰ ਜੇਲ੍ਹ ਤੋਂ ਪਰੋਲ ਛੁੱਟੀ ਤੋਂ ਰਿਹਾਅ ਚੁੱਕਾ ਹੈ ਅਜਿਹਾ ਕਰਕੇ ਸਿੱਖ ਵਿਰੋਧੀ ਕੇਂਦਰ ਦੀ ਭਾਜਭਾਈ ਸਰਕਾਰ ਸਿੱਖਾਂ ਨੂੰ ਚਿੜਾਉਣ ਦੇ ਨਾਲ ਨਾਲ ਅਦਾਲਤੀ ਇਨਸਾਫ ਪ੍ਰਕਿਰਿਆ ਦਾ ਚਿੱਟੇ ਦਿਨ ਮਜ਼ਾਕ ਉਡਾ ਰਹੀ ਹੈ ਭਾਵੇਂ ਕਿ ਉੱਚ ਅਦਾਲਤ ਨੇ ਵਾਰ ਵਾਰ ਪੈਰੋਲ ਛੁੱਟੀ ਸਬੰਧੀ ਨੋਟਿਸ ਲੈਂਦਿਆਂ ਸਰਕਾਰ ਨੂੰ ਪੁੱਛਿਆ ਸੀ ਕਿ ਸਰਕਾਰ ਇਹ ਦੱਸੇ ਕਿ ਜੇਹੜੇ ਅਪਰਾਧਾਂ'ਚ ਰਾਮਰਹੀਮ ਨੂੰ ਬਾਰ ਬਾਰ ਪਰੋਲ ਦਿੱਤੀ ਜਾ ਰਹੀ ਹੈ ਅਜਿਹੇ ਅਪਰਾਧਾਂ ਵਾਲੇ ਹੋਰ ਕੈਦੀਆਂ ਨੂੰ ਅਜਿਹੀਆਂ ਸਹੂਲਤ ਤੋਂ ਦੂਰ ਰੱਖ ਕੇ ਕਿਉਂ ਬੇਇਨਸਾਫ਼ੀ ਕੀਤੀ ਜਾ ਰਹੀ ਹੈ,ਪਰ ਸਰਕਾਰ ਨੇ ਅਦਾਲਤ ਦੀ ਪ੍ਰਵਾਹ ਨਾ ਕਰਦਿਆਂ ਰਾਮ ਰਹੀਮ ਸਰਸੇ ਬਲਾਤਕਾਰੀ ਸਾਧ ਨੂੰ ਪੰਦਰਵੀਂ ਵਾਰ ਪਰੋਲ ਛੁੱਟੀ ਦੇ ਕੇ ਸਿੱਖਾਂ ਨੂੰ ਸ਼ਰੇਆਮ ਚਿਰਾੜਿਆ ਤੇ ਅਦਾਲਤੀ ਇਨਸਾਫ ਪ੍ਰਕਿਰਿਆ ਦਾ ਚਿੱਟੇ ਦਿਨ ਮਜ਼ਾਕ ਉਡਾਇਆ ਹੈ ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਹੋਰ ਸਿੱਖ ਬੁੱਧੀਜੀਵੀ ਆਗੂਆਂ ਨੇ ਸਰਕਾਰ ਦੀ ਇਸ ਨੀਤੀ ਦੀ ਨਿੰਦਾ ਕੀਤੀ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸਰਸੇ ਵਾਲੇ ਬਲਾਤਕਾਰੀ ਤੇ ਕਾਤਲ ਲੰਡਰ ਸਾਧ ਨੂੰ ਪੰਦਰਵੀਂ ਵਾਰ ਪੈਰੋਲ ਛੁੱਟੀ ਦੇ ਕੇ ਸਿੱਖਾਂ ਨੂੰ ਚਿੜਾਉਣ ਅਤੇ ਅਦਾਲਤੀ ਇਨਸਾਫ ਪ੍ਰਕਿਰਿਆ ਦੀਆਂ ਧੱਜੀਆਂ ਉਡਾਉਣ ਵਾਲੇ ਸਿੱਖ ਵਿਰੋਧੀ ਨੀਤੀ ਦੀ ਜ਼ੋਰਦਾਰ ਸ਼ਬਦਾਂ ਵਿਚ ਨਿੰਦਾ ਕਰਦਿਆਂ ਸਰਕਾਰ ਨੂੰ ਕਿਹਾ ਲੰਮੇ ਸਮੇਂ ਤੋਂ ਜਿਹੜੇ ਸਿੱਖ ਬੰਦੀ ਸਿੰਘ ਅਦਾਲਤ ਵੱਲੋਂ ਦਿੱਤੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਉਨ੍ਹਾਂ ਨੂੰ ਬਿਨਾਂ ਕਸੂਰ ਜੇਲ੍ਹਾਂ 'ਚ ਬੰਦ ਸ਼ਰੇਆਮ ਸਿੱਖਾਂ ਨਾਲ ਬੇਇਨਸਾਫੀ ਤੇ ਬੇਗਾਨਗੀ ਵਾਲਾਂ ਨਿੰਦਣਯੋਗ ਵਰਤਾਰਾ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਸਰਕਾਰ ਤੋਂ ਮੰਗ ਕਰਦੀ ਹੈ ਬਿਨਾਂ ਵਜ੍ਹਾ ਜ਼ੇਲ੍ਹਾਂ ਵਿਚ ਬੰਦ ਸਾਰੇ ਸਿੱਖ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਵੇ ਤਾਂ ਕਿ ਸਿੱਖਾਂ'ਚ ਬੇਗਾਨਗੀ ਵਾਲਾਂ ਅਹਿਸਾਸ ਦੂਰ ਕੀਤਾ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਰਸੇ ਵਾਲੇ ਬਲਾਤਕਾਰੀ ਰਾਮਰਹੀਮ ਨੂੰ ਪੰਦਰਵੀਂ ਵਾਰ ਜੇਲ੍ਹ ਤੋਂ 40 ਦਿਨਾਂ ਦੀ ਪੈਰੋਲ ਛੁੱਟੀ ਦੇਣ ਦੀ ਨਿਖੇਦੀ ਅਤੇ ਲੰਮੇਂ ਸਮੇਂ ਬਿਨਾਂ ਕਸੂਰ ਜੇਲਾਂ 'ਚ ਬੰਦ ਸਿੱਖ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ,ਉਹਨਾਂ ਭਾਈ ਖਾਲਸਾ ਨੇ ਸਪੱਸ਼ਟ ਕੀਤਾ ਸਰਸੇ ਵਾਲੇ ਸਾਧ ਨੂੰ ਬਾਰ ਬਾਰ ਪਰੋਲ ਛੁੱਟੀ ਦੇਣ ਦਾ ਸਿਖਾਂ ਅਤੇ ਹੋਰ ਦੇਸ਼ ਦੇ ਇਨਸਾਫ ਪਸੰਦ ਲੋਕਾਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ ਪਰ ਸਰਕਾਰ ਵਾਰ ਵਾਰ ਛੁੱਟੀ ਦੇ ਕੇ ਸਿੱਖਾਂ ਚਿੜਾਉਣ, ਬਿਗਾਨਗੀ ਦਾ ਅਹਿਸਾਸ ਕਰਾਉਣ ਦੇ ਨਾਲ ਨਾਲ ਅਦਾਲਤੀ ਇਨਸਾਫ ਪ੍ਰਕਿਰਿਆ ਦਾ ਚਿੱਟੇ ਦਿਨ ਮਜ਼ਾਕ ਉਡਾ ਰਹੀ ਹੈ, ਭਾਈ ਖਾਲਸਾ ਨੇ ਦੱਸਿਆ ਇੱਕ ਪਾਸੇ ਭਾਈ ਜਗਤਾਰ ਸਿੰਘ ਹਵਾਰਾ ਸਮੇਤ ਕਈ ਹੋਰ ਬੰਦੀਆਂ ਨੂੰ ਰਿਹਾਅ ਕਰਾਉਣ ਲਈ ਚੰਡੀਗੜ੍ਹ ਵਿਖੇ ਮੋਰਚਾ ਲੱਗਾ ਹੋਇਆ ਹੈ ਅਤੇ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕ ਰਹੀ ਦੂਸਰੀ ਪਾਸੇ ਸਿੱਖ ਵਿਰੋਧੀ ਗਤੀਵਿਧੀਆਂ 'ਚ ਸ਼ਾਮਲ ਰਾਮਰਹੀਮ ਨੂੰ ਪੰਦਰਵੀਂ ਵਾਰ ਪੈਰੋਲ ਛੁੱਟੀ ਦੇ ਦਿੱਤੀ ਗਈ ਜੋ ਬਹੁਤ ਹੀ ਨਿੰਦਣਯੋਗ ਸਰਕਾਰ ਦਾ ਸਿੱਖ ਵਿਰੋਧੀ ਵਰਤਾਰਾ ਹੈ, ਭਾਈ ਖਾਲਸਾ ਨੇ ਕਿਹਾ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸਰਸੇ ਵਾਲੇ ਬਲਾਤਕਾਰੀ ਸਾਧ ਨੂੰ 15 ਵੀ ਵਾਰ ਪੈਰੋਲ ਛੁੱਟੀ ਦੇਣ ਦੀ ਨਿਖੇਦੀ ਕਰਦੀ ਹੈ ਉਥੇ ਮੰਗ ਕਰਦੀ ਹੈ ਕਿ ਅਦਾਲਤੀ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਸਿੱਖ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤਾਂ ਕਿ ਸਿੱਖਾਂ 'ਚ ਬੇਗਾਨਗੀ ਵਾਲਾਂ ਇਹਸਾਸ ਦੂਰ ਕੀਤਾ ਜਾ ਸਕੇ ਅਤੇ ਲੋਕਾਂ ਦਾ ਅਦਾਲਤੀ ਇਨਸਾਫ ਤੇ ਭਰੋਸਾ ਕਾਇਮ ਰੱਖਿਆ ਜਾ ਸਕੇ ਇਸ ਮੌਕੇ ਤੇ ਭਾਈ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਦਿਲਬਾਗ ਸਿੰਘ ਬਾਗੀ, ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸੁਖਦੇਵ ਸਿੰਘ ਫੌਜੀ ਜਗਰਾਓਂ, ਭਾਈ ਸੁਰਿੰਦਰ ਸਿੰਘ ਆਦਮਪੁਰ ਤੇ ਭਾਈ ਵਿਕਰਮ ਸਿੰਘ ਤੋਂ ਇਲਾਵਾ ਹੋਰ ਵੀ ਕਾਰਕੁਨ ਹਾਜ਼ਰ ਸਨ ।



ਆਵਾਜ਼ਿ ਕੌਮ AWAZE QAUM International Newspaper & WEB TV

### ਸੂਬੇ ਦੇ ਹਰੇਕ ਦਿਵਿਆਂਗ ਨੂੰ ਦਿੱਤੇ ਜਾਣਗੇ ਸਹਾਇਕ ਉਪਕਰਣ 7 ਜਨਵਰੀ ਨੂੰ ਮਜੀਠਾ ਅਤੇ 8 ਜਨਵਰੀ ਨੂੰ ਅਜਨਾਲਾ ਵਿਖੇ ਲੱਗੇਗਾ ਕੈਂਪ-ਸ੍ਰ ਈ.ਟੀ.ਓ

# 59 ਦਿਵਿਆਂਗ ਵਿਅਕਤੀਆਂ ਨੂੰ ਕਰੀਬ 10 ਲੱਖ ਦੇ ਵੰਡੇ ਸਹਾਇਕ ਉਪਕਰਣ



ਜੰਡਿਆਲਾ ਗੁਰੂ , 6 ਜਨਵਰੀ ( ਕੁਲਵੰਤ ਸਿੰਘ ਵਿਰਦੀ) ਆਮ ਆਦਮੀ ਪਾਰਟੀ ਬਿਨਾਂ ਕਿਸੇ ਭੇਦਭਾਵ ਦੇ ਸੂਬੇ ਦਾ ਵਿਕਾਸ ਕਰ ਰਹੀ ਹੈ ਅਤੇ ਪਿਛਲੀਆਂ ਸਰਕਾਰਾਂ ਵਲੋਂ ਕੇਵਲ ਆਪਣਾ ਹੀ ਵਿਕਾਸ ਕੀਤਾ ਹੈ ਨਾ ਕਿ ਸੂਬੇ ਦਾ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸ: ਹਰਭਜਨ ਸਿੰਘ ਈ.ਟੀ.ਓ ਕੈਬਨਿਟ ਮੰਤਰੀ ਪੰਜਾਬ ਵਲੋਂ ਅਲਿਮਕੋ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੰਡਿਆਲਾ ਗੁਰੂ ਵਿਖੇ ਲਗਾਏ ਗਏ ਕੈਂਪ ਦਾ ਉਦਘਾਟਨ ਕਰਦਿਆਂ ਕੀਤਾ।ਕੈਬਨਿਟ ਮੰਤਰੀ ਈ.ਟੀ.ਓ ਨੇ ਦੱਸਿਆ ਕਿ ਅਲਿਮਕੋ ਵਲੋਂ ਦਿਵਿਆਂਗ ਵਿਅਕਤੀਆਂ ਦੀਆਂ ਲੋੜਾਂ ਦਾ ਪਤਾ ਲਗਾਉਣ ਲਈ ਵਿਸ਼ੇਸ਼ ਕੈਂਪ ਲਗਾਏ ਗਏ ਸਨ, ਨੂੰ ਅੱਜ ਜੰਡਿਆਲਾ ਵਿਖੇ ਕੈਂਪ ਲਗਾ ਕੇ ਲੋੜਵੰਦ ਵਿਅਕਤੀਆ ਦੇ ਸਹਾਇਕ ਉਪਕਰਣ ਦਿੱਤੇ ਗਏ। ਇਸ ਮੌਕੇ ਸੰਬੋਧਨ ਕਰਦੇ ਸ: ਈ.ਟੀ.ਓ ਨੇ ਕਿਹਾ ਕਿ ਦਿਵਿਆਂਗ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਹੋਈਆਂ ਹਨ ਅਤੇ ਛੇਤੀ ਹੀ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਸ਼ੇਸ਼ ਕੈਂਪ ਲਗਾ ਕੇ ਬਾਕੀ ਰਹਿੰਦੇ ਲੋਕਾਂ ਤੱਕ ਵੀ ਲੋੜੀਂਦੀ ਸਹਾਇਤਾ ਸਮੱਗਰੀ ਪਹੁੰਚਾਈ ਜਾਵੇਗੀ। ਉਨਾਂ ਦੱਸਿਆ ਕਿ ਅੱਜ ਦੇ ਕੈਂਪਾਂ ਵਿੱਚ 59 ਵਿਅਕਤੀਆਂ ਨੂੰ ਅਲਿਮਕੋ ਦੀ ਸਹਾਇਤਾ ਨਾਲ ਲਗਾਏ ਗਏ ਵਿਸ਼ੇਸ਼ ਕੈਂਪ ਦੌਰਾਨ ਕਰੀਬ 10 ਲੱਖ ਰੁਪਏ ਦੇ 110 ਸਹਾਇਕ ਉਪਰਕਣ ਵੰਡੇ ਗਏ ਹਨ। ਉਨਾਂ ਦੱਸਿਆ ਕਿ ਜਿਨਾਂ ਦਿਵਿਆਂਗਾਂ ਨੂੰ ਟਰਾਈ ਸਾਈਕਲ ਦਿੱਤੇ ਗਏ ਹਨ । ਉਨਾਂ ਦੱਸਿਆ ਹਰੇਕ ਵਿਅਕਤੀ ਦੀ ਲੋੜ ਅਨੁਸਾਰ ਸਾਇਜ ਲੈ ਕੇ ਉਪਕਰਣ ਤਿਆਰ ਕਰਵਾਏ ਗਏ ਅਤੇ ਹੁਣ ਉਨਾਂ ਦੇ ਨਜ਼ਦੀਕੀ ਸਥਾਨਾਂ 'ਤੇ ਜਾ ਕੇ ਕੈਂਪ ਲਗਾ ਕੇ ਇਹ ਵੰਡ ਕੀਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਇਹ ਸਾਰੇ ਉਪਕਰਣ ਅਲਿਮਕੋ ਵਲੋਂ ਬਹੁਤ ਵਧੀਆ ਤਕਨੀਕ ਅਤੇ ਕੁਆਲਿਟੀ ਨਾਲ ਤਿਆਰ ਕੀਤੇ ਗਏ ਹਨ। ਇਸ ਮੌਕੇ 12 ਮੋਟੋਰਾਈਜਡ ਟਰਾਈਸਾਈਕਲ, 21 ਟਰਾਈ ਸਾਈਕਲ, 9 ਵੀਲ ਚੇਅਰ, 1 ਟੀ:ਐਲ:ਐਮ ਕਿੱਟ, 12 ਸੁਣਨ ਵਾਲੀਆਂ ਮਸ਼ੀਨਾਂ 24 ਬੇਸਾਖੀਆਂ, 13 ਵਾਲਕਿੰਗ ਸਟਿੱਕ, 6 ਵਾਰਕ, 9 ਕੁਸ਼ਨਜ਼ ਅਤੇ 3 ਬਨਾਉਟੀ ਅੰਗ ਵੰਡੇ ਗਏ ਹਨ। ਇਸ ਮੌਕੇ ਕੈਬਨਿਟ ਮੰਤਰੀ ਈ.ਟੀ.ਓ. ਨੇ ਕਿਹਾ ਕਿ ਸਾਡੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਆਮ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਛੇਤੀ ਹੀ ਸੂਬੇ ਦੇ ਹਰੇਕ ਵਿਅਕਤੀ ਨੂੰ 10 ਲੱਖ ਰੁਪਏ ਸਿਹਤ ਬੀਮਾ ਯੋਜਨਾ ਦਾ ਲਾਭ ਮਿਲ ਜਾਵੇਗਾ। ਉਨ੍ਹਾਂ ਕਿਹਾ ਕਿ ਅਸੀਂ ਚੋਣਾਂ ਦੌਰਾਨ ਜੋ ਵੀ ਵਾਅਦੇ ਕੀਤੇ ਸਨ ਹਰੇਕ ਵਾਅਦੇ ਨੂੰ ਪੂਰਾ ਕਰ ਰਹੇ ਹਾਂ ਅਤੇ ਕੋਈ ਵੀ ਵਾਅਦਾ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ। ਕੈਂਪ ਦੌਰਾਨ ਸੀਨੀਅਰ ਮੈਡੀਕਲ ਅਫਸਰ ਡਾ: ਮਨਜੀਤ ਸਿੰਘ ਰਟੌਲ ਵੱਲੋਂ ਯੂ:ਡੀ:ਆਈ:ਡੀ ਕਾਰਡ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲੱਗਣ ਵਾਲੇ ਕੈਂਪਾਂ ਦੀ ਵਿਸਥਾਰ ਪੂਰਵਕ ਜਾਣਕਾਰੀ ਵੀ ਦਿੱਤੀ ਗਈ ਅਤੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣਾ 10 ਲੱਖ ਰੁਪਏ ਸਿਹਤ ਬੀਮਾ ਕਾਰਡ ਜ਼ਰੂਰ ਬਣਾਉਣ। ਦਿਵਿਆਂਗ ਵਿਅਕਤੀਆਂ ਨੂੰ ਸਹਾਇਕ ਉਪਕਰਣ ਮੁਹੱਈਆ ਕਰਨ ਲਈ 7 ਜ਼ਨਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਜੀਠਾ ਅਤੇ 8 ਜਨਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਜਨਾਲਾ ਵਿਖੇ ਕੈਂਪ ਲੱਗੇਗਾ। ਇਸ ਮੌਕੇ ਐਸ:ਡੀ:ਐਮ ਸ੍ਰ ਅਮਨਪ੍ਰੀਤ ਸਿੰਘ,ਜਿਲ੍ਹਾ ਸਮਾਜਿਕ ਸੁਰੱਖਿਆ ਤੇ ਭਲਾਈ ਅਫਸਰ, ਮੈਡਮ ਸੁਹਿੰਦਰ ਕੌਰ, ਮੈਡਮ ਸੁਨੈਨਾ ਰੰਧਾਵਾ , ਸ੍ਰ ਸਤਿੰਦਰ ਸਿੰਘ, ਸ਼ਹਿਰੀ ਪ੍ਰਧਾਨ ਜੰਡਿਆਲਾ ਗੁਰੂ ਸਰਬਜੀਤ ਸਿੰਘ ਡਿੰਪੀ ਤੋਂ ਇਲਾਵਾ ਹੋਰ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਮੁਖੀ ਦੀ ਵਾਰ-ਵਾਰ ਪੈਰੋਲ ਤੇ ਅੰਸ਼ੁਲ ਛੱਤਰਪਤੀ ਨੇ ਉਠਾਏ ਗੰਭੀਰ ਸਵਾਲ' ਰਾਜਨੀਤਿਕ ਪਾਰਟੀਆਂ ਦਾ ਵੋਟ ਬੈਂਕ ਹੈ ਡੇਰਾ

ਸਿਰਸਾ, 6 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਰਾਮ ਚੰਦਰ ਛੱਤਰਪਤੀ ਦੇ ਕਤਲ ਅਤੇ ਸਾਧਵੀ ਯੌਨ ਸੋਸ਼ਣ ਮਾਸਲੇ 'ਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਸਿੰਘ ਨੂੰ 40 ਦਿਨਾਂ ਦੀ ਪੈਰੋਲ ਦੇਣ ਦੇ ਫੈਸਲੇ ਦੀ ਸਖ਼ਤ ਨਿੰਦਾ ਕਰਦਿਆਂ ਪੱਤਰਕਾਰ ਰਾਮ ਚੰਦਰ ਛੱਤਰਪਤੀ ਦੇ ਸਪੁੱਤਰ ਅੰਸ਼ੁਲ ਛੱਤਰਪਤੀ ਨੇ ਹਰਿਆਣਾ ਸਰਕਾਰ 'ਤੇ ਗੰਭੀਰ ਦੋਸ਼ ਲਾਉਂਦੇ ਹੋਏ ਕਿਹਾ ਕਿ ਇਹ ਫੈਸਲਾ ਰਾਜਨੀਤਿਕ ਅਤੇ ਆਰਥਿਕ ਹਿੱਤਾਂ ਤੋਂ ਪ੍ਰੇਰਿਤ ਹੈ। ਉਨਾਂ ਕਿਹਾ ਕਿ ਡੇਰਾ ਮੁਖੀ ਗੁਰਮੀਤ ਸਿੰਘ ਵੱਲੋਂ ਪੈਰੋਲ 'ਤੇ ਰਿਹਾਅ ਹੋਣ ਤੋਂ ਬਾਅਦ ਲਾਈਵ ਸਤਿਸੰਗ ਨਾਲ ਹੋਰ ਵੀ ਗੰਭੀਰ ਸਵਾਲ ਖੜੇ ਹੁੰਦੇ ਹਨ। ਅੰਸ਼ੁਲ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਡੇਰਾ ਮੁਖੀ ਵਲੋ ਧਾਰਮਿਕ ਆਸਥਾ ਦੇ ਨਾਮ 'ਤੇ ਇੱਕ ਵੱਡੇ ਵਪਾਰਕ ਕੇਂਦਰ ਬਣਾਏ ਗਏ ਜਿੱਥੇ ਕਰੋੜਾਂ ਅਤੇ ਅਰਬਾਂ ਰੁਪਏ ਦਾ ਕਾਰੋਬਾਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਆਸਥਾ ਦੇ ਨਾਮ 'ਤੇ ਲੱਖਾਂ ਲੋਕਾਂ ਨੂੰ ਗੁੰਮਰਾਹ ਕੀਤਾ ਗਿਆ। ਇਹੀ ਨਹੀ ਡੇਰੇ ਦਾ ਰਾਜਨੀਤਿਕ ਵਿੰਗ ਬਣਾ ਕੇ ਰਾਜਨੀਤੀ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨਾਂ ਸਵਾਲ ਕੀਤਾ ਕਿ ਹਰ ਚੋਣ ਤੋਂ ਪਹਿਲਾਂ ਹਰਿਆਣਾ ਸਰਕਾਰ ਡੇਰਾ ਮੁਖੀ ਨੂੰ ਪੈਰੋਲ ਜਾਂ ਫਰਲੋ ਕਿਉਂ ਦਿੰਦੀ ਹੈ? ਅੰਸ਼ੁਲ ਦਾ ਕਹਿਣਾ ਹੈ ਹਰਿਆਣਾ ਅਤੇ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਡੇਰਾ ਸੱਚਾ ਸੌਦਾ ਨੂੰ ਵੋਟ ਬੈਂਕ ਵਜੋਂ ਵਰਤਦੀਆਂ ਹਨ। ਉਨ੍ਹਾਂ ਅਨੁਸਾਰ ਇੱਕ ਅਪਰਾਧੀ ਨੂੰ ਸੁਰੱਖਿਆ ਦਿੱਤੀ ਜਾ ਰਹੀ ਹੈ, ਜਦੋਂ ਕਿ ਪੀੜਤਾਂ ਤੋਂ ਉਨ੍ਹਾਂ ਦੀ ਸੁਰੱਖਿਆ ਖੋਹੀ ਜਾ ਰਹੀ ਹੈ। ਉਨਾਂ ਕਿਹਾ ਕਿ ਸਰਕਾਰ ਵਲੋ ਡੇਰਾ ਮੁਖੀ ਨੂੰ ਪੈਰੋਲ ਦੇਣ ਦਾ ਰਾਹ ਪੱਧਰਾ ਕਰਨ ਲਈ ਬਿਨਾਂ ਕੋਈ ਕਾਰਨ ਦੱਸੇ ਪੈਰੋਲ 'ਤੇ ਜਾਣ ਦੀ ਆਗਿਆ ਖਾਸ ਤੌਰ 'ਤੇ ਡੇਰਾ ਮੁਖੀ ਨੂੰ ਪੈਰੋਲ ਦੇਣ ਦਾ ਰਾਹ ਪੱਧਰਾ ਕਰਨ ਲਈ ਦਿੱਤੀ ਗਈ ਸੀ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਇਹ ਸੋਧ ਸਾਰੇ ਕੈਦੀਆਂ ਲਈ ਹੈ ਤਾਂ ਹੋਰ ਕੈਦੀਆਂ ਨੂੰ ਇਸਦੇ ਲਾਭ ਕਿਉਂ ਨਹੀਂ ਮਿਲ ਰਹੇ ਹਨ। ਉਨ੍ਹਾਂ ਪੁਰਜ਼ੋਰ ਮੰਗ ਕੀਤੀ ਕਿ ਅਦਾਲਤ ਇਸ ਮਾਮਲੇ 'ਤੇ ਮੁੜ ਵਿਚਾਰ ਕਰੇ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਤੇ ਫਰੈਕਫੋਰਟ ਏਅਰਪੋਰਟ ਤੇ ਟੈਕਸੀ ਮਾਲਕਾਂ ਤੇ ਚਾਲਕਾਂ ਨੇ ਲਗਾਇਆ ਲੰਗਰ




**ਫਰੈਕਫੋਰਟ, 6 ਜਨਵਰੀ (ਸਰਬਜੀਤ ਸਿੰਘ ਬਨੂੜ)**-ਜਰਮਨ ਦੇ ਸ਼ਹਿਰ ਫਰੈਕਫੋਰਟ ਦੇ ਇੰਟਰਨੈਸ਼ਨਲ ਏਅਰਪੋਰਟ ਤੇ ਟੈਕਸੀ ਮਾਲਕਾਂ ਤੇ ਚਾਲਕਾਂ ਨੇ ਸਾਹਿਬੇ ਕਮਾਲ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਰਪੁਰਬ ਸ਼ਰਧਾ ਪੂਰਵਕ ਮਨਾਉਂਦਿਆਂ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਛੋਲਿਆਂ ਭਟੂਰਿਆਂ , ਚਾਹ ,ਬੇਸਨ ,ਜਲੇਬੀਆਂ ਦੇ ਲੰਗਰ ਲਗਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਵੱਖ ਵੱਖ ਧਰਮਾਂ ਤੇ ਦੇਸ਼ਾਂ ਤੋਂ ਆ ਰਹੇ ਲੋਕਾਂ ਨੇ ਲੰਗਰ ਨੂੰ ਬਹੁਤ ਪਿਆਰ ਨਾਲ ਛੱਕਿਆਂ ਉਥੇ ਉਹ ਅੱਜ ਦੇ ਦਿਹਾੜੇ ਬਾਰੇ ਜਾਣਕਾਰੀ ਲੈਕੇ ਖ਼ੁਸ਼ੀਆਂ ਸਾਂਝੀਆਂ ਕਰ ਰਹੇ ਸਨ। ਇਸ ਮੌਕੇ ਟੈਕਸੀ ਯੂਨੀਅਨ ਦੇ ਪ੍ਰਧਾਨ, ਮੀਤ ਪ੍ਰਧਾਨ ਨੇ ਸ਼ਮੂਲੀਅਤ ਕਰਕੇ ਸੰਗਤਾਂ ਨੂੰ ਵਧਾਈ ਦਿੰਦਿਆਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਦਵਿੰਦਰ ਸਿੰਘ ਬਾਜਵਾ , ਗੁਰਚਰਨ ਸਿੰਘ ਗੁਰਾਇਆ, ਗੁਰਵਿੰਦਰ ਸਿੰਘ ਅਮਰੀਕ ਸਿੰਘ ਮੀਕਾ, ਕਮਲਜੀਤ ਸਿੰਘ ਰਾਏ ਤਿਰਲੋਕ ਸਿੰਘ ਸੈਣੀ ਨੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।

# ਸਾਬਕਾ ਸਰਪੰਚ ਤੇ ਰੈਸਟੋਰੈਂਟ ਦੇ ਮਾਲਿਕ ਨੇ ਖੁਦ ਨੂੰ ਮਾਰੀ ਗੋਲੀ



**ਬਟਾਲਾ, 6 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ -ਅੰਮ੍ਰਿਤਸਰ ਨੈਸ਼ਨਲ ਹਾਈਵੇ 'ਤੇ ਬਬਰੀ ਨਾਕੇ ਦੇ ਨਜ਼ਦੀਕ ਚਾਏ ਚੂਰੀ ਰੈਸਟੋਰੈਂਟ ਦੇ ਮਾਲਕ ਨੇ ਰੈਸਟੋਰੈਂਟ ਦੇ ਵਿੱਚ ਖ਼ੁਦ ਨੂੰ ਗੋਲੀ ਮਾਰ ਲਈ ਹੈ। ਹਾਲਤ ਗੰਭੀਰ ਹੋਣ ਕਰਕੇ ਉਸਨੂੰ ਹਸਪਤਾਲ 'ਚ ਦਾਖਲ ਕਰਾਇਆ ਗਿਆ ਹੈ। ਮਨਪ੍ਰੀਤ ਸਿੰਘ ਪਿੰਡ ਜੀਵਨਵਾਲ ਦਾ ਸਾਬਕਾ ਸਰਪੰਚ ਵੀ ਹੈ ਅਤੇ ਕਾਂਗਰਸ ਪਾਰਟੀ ਨਾਲ ਸੰਬੰਧ ਰੱਖਦਾ ਹੈ। ਗੋਲੀ ਚੱਲਣ ਦੀ ਸੂਚਨਾ ਮਿਲਣ ਤੋਂ ਬਾਅਦ ਤੁਰੰਤ ਮੌਕੇ 'ਤੇ ਪੁਲਿਸ ਦੇ ਸੀਨੀਅਰ ਅਧਿਕਾਰੀ ਡੀਐਸਪੀ ਸਿਟੀ ਮੋਹਨ ਸਿੰਘ ਐਸਐਚ ਓ ਸਦਰ ਅਮਨਦੀਪ ਸਿੰਘ ਮੌਕੇ 'ਤੇ ਪਹੁੰਚੇ, ਜਿਨਾਂ ਵੱਲੋਂ ਵਿਅਕਤੀ ਨੂੰ ਹਸਪਤਾਲ 'ਚ ਦਾਖਿਲ ਕਰਵਾਇਆ ਗਿਆ। ਉਥੇ ਡਾਕਟਰ ਵੱਲੋਂ ਜਾਣਕਾਰੀ ਦਿੰਦੇ ਹੋਏ ਕਿਹਾ ਗਿਆ ਕਿ ਵਿਅਕਤੀ ਦੀ ਹਾਲਤ ਗੰਭੀਰ ਹੈ ਅਤੇ ਇਲਾਜ ਜਾਰੀ ਹੈ। ਜਾਣਕਾਰੀ ਦਿੰਦੇ ਹੋਏ ਡੀਐਸਪੀ ਸਿਟੀ ਮੋਹਨ ਸਿੰਘ ਨੇ ਦੱਸਿਆ ਕਿ ਉਹਨਾਂ ਨੂੰ ਸੂਚਨਾ ਮਿਲੀ ਸੀ ਕਿ ਰੈਸਟੋਰੈਂਟ ਵਿੱਚ ਗੋਲੀ ਚੱਲੀ ਹੈ ਜਦੋਂ ਉਹਨਾਂ ਨੇ ਆ ਕੇ ਦੇਖਿਆ ਤਾਂ ਰੈਸਟੋਰੈਂਟ ਦੇ ਮਾਲਿਕ ਮਨਪ੍ਰੀਤ ਸਿੰਘ ਦੇ ਮੋਢੇ 'ਤੇ ਗੋਲੀ ਲੱਗੀ ਹੋਈ ਹੈ, ਜਿਸ ਨੂੰ ਜ਼ਖਮੀ ਹਾਲਤ ਵਿੱਚ ਗੁਰਦਾਸਪੁਰ ਦੇ ਨਿਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਫਿਲਹਾਲ ਉਹ ਵੱਲੋਂ ਆਪਣੇ ਆਪ ਨੂੰ ਗੋਲੀ ਮਾਰਨ ਦੇ ਕਾਰਨਾਂ ਦਾ ਪਤਾ ਨਹੀਂ ਲੱਗਿਆ ਹੈ। ਡੀਐਸਪੀ ਨੇ ਦੱਸਿਆ ਕਿ ਉਹਨਾਂ ਨੂੰ ਆਸ-ਪਾਸ ਦੇ ਲੋਕਾਂ ਨੇ ਦੱਸਿਆ ਕਿ ਲੋਕਾਂ ਦੇ ਦੱਸਣ ਮੁਤਾਬਿਕ ਕਿ ਨੌਜਵਾਨ ਨੇ ਆਪਣੇ ਆਪ ਨੂੰ ਖ਼ੁਦ ਗੋਲੀ ਮਾਰੀ ਹੈ ਪਰ ਇਹ ਜਾਂਚ ਕੀਤੀ ਜਾ ਰਹੀ ਹੈ ਗੋਲ਼ੀ ਖ਼ੁਦ ਮਾਰੀ ਗਈ ਹੈ ਜਾਂ ਫਿਰ ਅਚਾਨਕ ਚੱਲੀ ਹੈ।

ਦਸ਼ਮੇਸ਼ ਪਿਤਾ ਸਰਬੰਸ ਦਾਨੀ ਅੰਮ੍ਰਿਤ ਕੇ ਦਾਤੇ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ

# ਪਿੰਡ ਸੂਰਤੀਆ ਸਿਰਸਾ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ

## ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ











ਦਸ਼ਮੇਸ਼ ਪਿਤਾ ਸਰਬੰਸ ਦਾਨੀ ਅੰਮ੍ਰਿਤ ਕੇ ਦਾਤੇ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ ਅੱਜ ਵਿਸ਼ੇਸ਼ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬ ਪਿੰਡ ਸੂਰਤੀਆ ਸਿਰਸਾ ਵਿਖੇ ਕੀਤਾ ਗਿਆ ਸੰਗਤਾਂ ਦੇ ਸੱਦੇ ਉਪਰ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ ਇਸ ਸਮੇਂ ਕਲੱਬ ਵਲੌਂ ਖੂਨਦਾਨ ਕੈਂਪ ਲਗਾਇਆ ਗਿਆ ਸਮੁੱਚੇ ਪ੍ਰਬੰਧਕਾਂ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਇਸ ਸਮੇਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਗੁਰੂ ਕਾ ਲੰਗਰ ਅਟੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ
ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

ਸੰਤ ਗਿਆਨੀ ਹਰਨਾਮ ਸਿੰਘ
ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
+91 98767-50784 +91 98767-50784
ਮਹਿਤਾ ਚੌਂਕ, ਅੰਮ੍ਰਿਤਸਰ

# ਸਿੰਘ ਸਾਹਿਬ ਗਿ: ਜਸਵੀਰ ਸਿੰਘ ਰੋਡੇ ਵੱਲੋਂ ਸ਼ਰਧਾਂਜਲੀਆਂ






*ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਭੇਟ ਕਰਨ ਪਹੁੰਚੇ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ, ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਅਤੇ ਬਾਬਾ ਸਵਰਨਜੀਤ ਸਿੰਘ। (ਸੱਜੇ) ਸ਼ਹੀਦ ਭਾਈ ਸਤਵੰਤ ਸਿੰਘ ਦੇ ਮਾਤਾ ਜੀ ਬੀਬੀ ਪਿਆਰ ਕੌਰ ਜੀ ਨੂੰ ਸਨਮਾਨਿਤ ਕਰਨ ਦੌਰਾਨ ਸਿੰਘ ਸਾਹਿਬ।*

ਡੇਰਾ ਬਾਬਾ ਨਾਨਕ •

ਅੱਜ ਇਥੇ ਨੇੜੇ ਹੀ ਪੈਂਦੇ ਸ਼ਹੀਦ ਭਾਈ ਸਤਵੰਤ ਸਿੰਘ ਦੇ ਜੱਦੀ ਪਿੰਡ ਅਗਵਾਨ ਵਿਖੇ ਸ਼ਹੀਦ ਭਾਈ ਸਤਵੰਤ ਸਿੰਘ, ਸ਼ਹੀਦ ਭਾਈ ਬੇਅੰਤ ਸਿੰਘ ਤੇ ਸ਼ਹੀਦ ਭਾਈ ਕੇਹਰ ਸਿੰਘ ਦੀ ਯਾਦ ਵਿੱਚ 37ਵਾਂ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਗੁਰਬਾਣੀ ਕੀਰਤਨ ਹੋਇਆ। ਇਸ ਮੌਕੇ ਸ਼ਹੀਦ ਭਾਈ ਸਤਵੰਤ ਸਿੰਘ ਦੇ ਮਾਤਾ ਜੀ ਬੀਬੀ ਪਿਆਰ ਕੌਰ ਜੀ ਦੀ ਹਾਜਰੀ ਵਿੱਚ ਉਨ੍ਹਾਂ ਨੂੰ ਸਨਮਾਨ ਭੇਂਟ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਉਪ੍ਰੋਕਤ ਸ਼ਹੀਦ ਸਿੰਘਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਨੂੰ ਮਹਾਨ ਯੋਧੇ ਦਸਿਆ, ਜਿਨ੍ਹਾਂ ਨੇ ਜ਼ਾਲਮ ਦੇ ਘਰ ਵਿੱਚ ਜ਼ੁਲਮ ਦਾ ਬਦਲਾ ਲਿਆ, ਹਾਲਾਂ ਕਿ ਇਹ ਮਰਜੀਵੜੇ ਜਾਣਦੇ ਸਨ ਕਿ ਇਸ ਦਾ ਅੰਜਾਮ ਉਨ੍ਹਾਂ ਦੇ ਲਈ ਕੀ ਹੋਏਗਾ। ਸਿੰਘ ਸਾਹਿਬ ਨੇ ਕਿਹਾ ਕਿ ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਤੇ ਭਾਈ ਕੇਹਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ 'ਤੇ ਹਮਲੇ ਦਾ ਬਦਲਾ ਲੈ ਕੇ ਦੇਸ਼ ਵਿਦੇਸ਼ ਵਿੱਚ ਸਿਖ ਕੌਮ ਦਾ ਸਿਰ ਉਚਾ ਕੀਤਾ। ਸਿੰਘ ਸਾਹਿਬ ਨੇ ਕਿਹਾ ਕਿ ਮਾਤਾ ਪਿਆਰ ਕੌਰ ਜੀ ਧੰਨ ਹਨ ਅਤੇ ਧੰਨ ਹਨ ਉਹ ਸ਼ਹੀਦ ਸਿੰਘਾਂ ਸਿੰਘਣੀਆਂ ਤੇ ਸੰਗਤਾਂ ਜਿਨ੍ਹਾਂ ਨੇ ਅਨੇਕਾਂ ਤਕਲੀਫਾਂ ਝਲੀਆਂ ਅਤੇ ਗੁਰੂ ਸਾਹਿਬ ਦੇ ਆਸ਼ੇ 'ਤੇ ਅਡੋਲ ਚਲਦੇ ਰਹੇ ਤੇ ਚਲ ਰਹੇ ਹਨ। ਇਸ ਮੌਕੇ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਅਤੇ ਬਾਬਾ ਸਵਰਨਜੀਤ ਸਿੰਘ ਤੋਂ ਇਲਾਵਾ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।